ਜਿੱਥੋਂ ਤੱਕ ਸਰਹੱਦਾਂ ਦੀ ਰਾਖੀ ਕਰਦੀ ਇਸ ਫੋਰਸ ਦਾ ਸਵਾਲ ਹੈ, ਇਸ ਦੀ ਦੇਸ਼ਭਗਤੀ ਜਾਂ ਕਾਰਗੁਜ਼ਾਰੀ ਬਾਰੇ ਸਾਨੂੰ ਕਿਸੇ ਤਰ੍ਹਾਂ ਦਾ ਕੋਈ ਸਿੱਧਾ ਇਤਰਾਜ਼ ਨਹੀਂ, ਉਂਜ ਭਾਰਤ ਦੀ ਕੋਈ ਫੋਰਸ ਇਹੋ ਜਿਹੀ ਨਹੀਂ ਰਹੀ, ਜਿਹੜੀ ਦੋਸ਼ਾਂ ਦੇ ਘੇਰੇ ਵਿੱਚ ਨਾ ਹੋਵੇ। ਭਾਰਤ-ਪਾਕਿ ਵਿਚਾਲੇ ਪਹਿਲੀ ਜੰਗ ਲੱਗਣ ਤੱਕ ਇਹ ਫੋਰਸ ਹੈ ਨਹੀਂ ਸੀ ਤੇ ਸਰਹੱਦਾਂ ਸੰਭਾਲਣ ਦਾ ਕੰਮ ਸਰਹੱਦੀ ਰਾਜਾਂ ਦੀ ਪੁਲਸ ਦਾ ਹਥਿਆਰਬੰਦ ਦਸਤਾ ਕਰਦਾ ਸੀ। ਪੰਜਾਬ ਬਾਰਡਰ ਨੂੰ ਪੰਜਾਬ ਆਰਮਡ ਪੁਲੀਸ, ਪੀ ਏ ਪੀ, ਦੇ ਜਵਾਨ ਸੰਭਾਲਦੇ ਹੁੰਦੇ ਸਨ ਤੇ ਏਸੇ ਤਰ੍ਹਾਂ ਬਾਕੀ ਰਾਜਾਂ ਵਿੱਚ ਓਥੋਂ ਦੀ ਪੁਲਸ ਇਹ ਕੰਮ ਕਰਦੀ ਸੀ। ਜਦੋਂ ਸਾਲ 1965 ਦੇ ਅਪਰੈਲ ਵਿੱਚ ਕੱਛ ਦੇ ਇਲਾਕੇ ਵਿੱਚ ਪਾਕਿਸਤਾਨ ਵੱਲੋਂ ਪਹਿਲੀ ਘੁਸਪੈਠ ਦੀ ਘਟਨਾ ਹੋਈ ਤਾਂ ਭਾਰਤ ਸਰਕਾਰ ਨੇ ਸਰਹੱਦਾਂ ਦੀ ਰਾਖੀ ਕਰਨ ਦੇ ਇਕਲੌਤੇ ਕੰਮ ਵਾਸਤੇ ਫੌਜ ਵਰਗੀ ਟਰੇਨਿੰਗ ਵਾਲੀ ਫੋਰਸ ਖੜੀ ਕਰਨ ਦਾ ਵਿਚਾਰ ਬਣਾਇਆ ਸੀ, ਜਿਸ ਦੀ ਅਗਵਾਈ ਜੁਲਾਈ ਵਿੱਚ ਸੀਨੀਅਰ ਆਈ ਪੀ ਐੱਸ ਅਫਸਰ ਕੇ ਐੱਫ ਰੁਸਤਮਜੀ ਨੂੰ ਸੌਂਪੀ ਗਈ ਸੀ, ਪਰ ਫੋਰਸ ਬਣਨ ਤੋਂ ਪਹਿਲਾਂ ਸਤੰਬਰ ਵਿੱਚ ਜੰਗ ਲੱਗ ਗਈ। ਜੰਗ ਦੇ ਖਤਮ ਹੁੰਦੇ ਸਾਰ ਦਸੰਬਰ ਵਿੱਚ ਇਹ ਫੋਰਸ ਬਣਾਈ ਗਈ ਤੇ ਓਦੋਂ ਤੋਂ ਪੱਛਮੀ ਪਾਕਿਸਤਾਨ (ਅਜੋਕਾ ਪਾਕਿਸਤਾਨ) ਅਤੇ ਪੂਰਬੀ ਪਾਕਿਸਤਾਨ (ਅਜੋਕਾ ਬੰਗਲਾ ਦੇਸ਼) ਦਾ ਸਾਰਾ ਬਾਰਡਰ ਇਹੋ ਸੰਭਾਲਦੀ ਆ ਰਹੀ ਹੈ। ਇਸ ਫੋਰਸ ਨੂੰ ਬਾਰਡਰ ਦੇ ਨਾਲ ਕਈ ਵਾਰ ਕੁਝ ਰਾਜਾਂ ਵਿੱਚ ਅੰਦਰੂਨੀ ਗੜਬੜ ਦੀ ਸਥਿਤੀ ਸੰਭਾਲਣ ਵਾਸਤੇ ਵੀ ਵਰਤਿਆ ਜਾਂਦਾ ਰਿਹਾ ਹੈ ਅਤੇ ਅੱਜਕੱਲ੍ਹ ਵੀ ਇਸ ਦੀ ਇੱਕ 'ਏ ਐੱਨ ਓ ਕਮਾਂਡ' (ਐਂਟੀ ਨਕਸਲ ਅਪਰੇਸ਼ਨ ਕਮਾਂਡ) ਬਣੀ ਹੋਈ ਹੈ, ਜਿਸ ਦਾ ਕਮਾਂਡ ਹੈੱਡ ਕੁਆਰਟਰ ਕਰਨਾਟਕ ਦੀ ਰਾਜਧਾਨੀ ਬੰਗਲੂਰੂ ਵਿੱਚ ਹੈ। ਇਹ ਫੋਰਸ ਹਰ ਰਾਜ ਵਿੱਚ ਲੋੜ ਵੇਲੇ ਮਦਦ ਵਾਸਤੇ ਸੱਦੀ ਜਾ ਸਕਦੀ ਹੈ।



ਪੰਜਾਬ ਤੇ ਜੰਮੂ-ਕਸ਼ਮੀਰ ਦੋ ਰਾਜ ਏਦਾਂ ਦੇ ਹਨ, ਜਿੱਥੇ ਕੇਂਦਰ ਸਰਕਾਰ ਨੇ ਸਭ ਤੋਂ ਵੱਧ ਵਾਰੀ ਗਵਰਨਰੀ ਰਾਜ ਅੱਠ-ਅੱਠ ਵਾਰੀ ਐਲਾਨ ਕੀਤਾ ਹੋਇਆ ਸੀ ਤੇ ਜੰਮੂ-ਕਸ਼ਮੀਰ ਵਿੱਚ ਦੋ ਸਾਲ ਪਹਿਲਾਂ ਧਾਰਾ ਤਿੰਨ ਸੌ ਸੱਤਰ ਨੂੰ ਖਤਮ ਕਰਨ ਵੇਲੇ ਨੌਵੀਂ ਵਾਰੀ ਇਹੋ ਐਲਾਨ ਕੀਤਾ ਗਿਆ ਸੀ। ਇਸ ਵਕਤ ਪੰਜਾਬ ਵਿੱਚ ਫਿਰ ਇਹੋ ਜਿਹੇ ਹਾਲਾਤ ਬਣਦੇ ਜਾ ਰਹੇ ਹਨ ਜਾਂ ਬਣਾਏ ਜਾ ਰਹੇ ਹਨ, ਜਿਨ੍ਹਾਂ ਵਿੱਚ ਵਿਧਾਨ ਸਭਾ ਚੋਣਾਂ ਹੋ ਸਕਣੀਆਂ ਮੁਸ਼ਕਲ ਹੋ ਜਾਣ ਤੇ ਇੱਕ ਵਾਰੀ ਫਿਰ ਇਸ ਰਾਜ ਵਿੱਚ ਗਵਰਨਰੀ ਰਾਜ ਲਾਇਆ ਜਾ ਸਕਦਾ ਹੈ। ਬੀਤੀ ਤੀਹ ਅਗਸਤ ਨੂੰ ਜਦੋਂ ਇੱਕ ਪ੍ਰੋਗਰਾਮ ਦੌਰਾਨ ਇਨ੍ਹਾਂ ਸਤਰਾਂ ਦੇ ਲੇਖਕ ਨੇ ਇਹ ਗੱਲ ਕਹਿ ਦਿੱਤੀ ਕਿ ਵਿਧਾਨ ਸਭਾ ਚੋਣਾਂ ਦੀ ਤਿਆਰੀ ਧਰੀ ਰਹਿ ਸਕਦੀ ਹੈ ਤੇ ਪੰਜਾਬ ਵਿੱਚ ਰਾਸ਼ਟਰਪਤੀ ਰਾਜ ਲੱਗ ਸਕਦਾ ਹੈ ਤਾਂ ਕਈ ਲੋਕਾਂ ਨੇ ਇਸ ਦਾ ਮਜ਼ਾਕ ਉਡਾਇਆ ਸੀ। ਅੱਜ ਬਹੁਤ ਸਾਰੇ ਸੱਜਣ ਇਹ ਗੱਲ ਮੰਨਣ ਲੱਗੇ ਹਨ ਕਿ ਏਦਾਂ ਵਾਪਰ ਸਕਦਾ ਹੈ। ਕਿਸਾਨ ਸੰਘਰਸ਼ ਦੀ ਅਗਵਾਈ ਕਰਦੇ ਆਗੂਆਂ ਨੇ ਬੜੀ ਵਾਰੀ ਇਹ ਕਿਹਾ ਹੈ ਕਿ ਸਮਾਜੀ ਕੰਮਾਂ ਲਈ ਜਾਂਦੇ ਕਿਸੇ ਵੀ ਪਾਰਟੀ ਦੇ ਆਗੂ ਨੂੰ ਰੋਕਣਾ ਨਹੀਂ ਚਾਹੀਦਾ, ਪਰ ਉਨ੍ਹਾਂ ਦੇ ਪਿੱਛੇ ਚੱਲਦੇ ਕਿਸਾਨ ਵਰਕਰ ਉਨ੍ਹਾਂ ਦੇ ਕਹਿਣ ਨਾਲ ਨਹੀਂ ਰੁਕਦੇ ਤੇ ਕਿਸੇ ਵੀ ਥਾਂ ਕਿਸੇ ਸਿਆਸੀ ਆਗੂ ਨੂੰ ਵਿਆਹ ਜਾਂ ਮਰਗ ਲਈ ਗਏ ਨੂੰ ਘੇਰਾ ਪਾ ਲੈਂਦੇ ਹਨ। ਅਗਲੇ ਦਿਨਾਂ ਵਿੱਚ ਜਦੋਂ ਚੋਣਾਂ ਲਈ ਉਮੀਦਵਾਰਾਂ ਨੇ ਕਾਗਜ਼ ਦਾਖਲ ਕਰਵਾਉਣ ਜਾਣਾ ਹੈ, ਆਪ-ਮੁਹਾਰੀਆਂ ਇਹੋ ਜਿਹੀਆਂ ਭੀੜਾਂ ਨੇ ਹਰਿਆਣੇ ਦੇ ਏਲਨਾਬਾਦ ਦੀ ਵਿਧਾਨ ਸਭਾ ਉੱਪ ਚੋਣ ਵਾਂਗ ਉਮੀਦਵਾਰਾਂ ਨੂੰ ਓਥੋਂ ਦੇ ਰਿਟਰਨਿੰਗ ਅਫਸਰਾਂ ਕੋਲ ਕਾਗਜ਼ ਦਾਖਲ ਕਰਵਾਉਣ ਵੇਲੇ ਰੋਕਣ ਤੁਰ ਪੈਣਾ ਹੈ ਤੇ ਕੇਂਦਰ ਸਰਕਾਰ ਨੂੰ ਪੰਜਾਬ ਵਿੱਚ ਅਮਨ-ਕਾਨੂੰਨ ਦੀ ਸਥਿਤੀ ਰਾਜ ਸਰਕਾਰ ਦੇ ਕਾਬੂ ਵਿੱਚ ਨਾ ਹੋਣ ਦਾ ਬਹਾਨਾ ਮਿਲ ਜਾਣਾ ਹੈ। ਇਸ ਬਹਾਨੇ ਨਾਲ ਗਵਰਨਰੀ ਰਾਜ ਲਾ ਦਿੱਤਾ ਤਾਂ ਕਿੰਨਾ ਚਿਰ ਰਹੇਗਾ, ਇਸ ਦੀ ਮਿਆਦ ਦੱਸਣੀ ਅੱਜ ਦੀ ਘੜੀ ਔਖੀ ਹੈ ਅਤੇ ਉਹੋ ਜਿਹੇ ਸਮੇਂ ਦੀ ਲੋੜ ਵਾਸਤੇ ਕੇਂਦਰ ਦੀਆਂ ਜਿਹੜੀਆਂ ਫੋਰਸਾਂ ਕੰਮ ਆ ਸਕਦੀਆਂ ਹਨ, ਉਨ੍ਹਾਂ ਦਾ ਸਭ ਨੂੰ ਪਤਾ ਹੈ।

ਭਾਰਤ ਦਾ ਕਾਨੂੰਨੀ ਸਿਸਟਮ ਬਹੁਤ ਉਲਝਣਾਂ ਵਾਲਾ ਹੈ। ਇਸ ਵਕਤ ਭਾਰਤ ਸਰਕਾਰ ਵੱਲੋਂ ਬਣਾਏ ਕਾਨੂੰਨਾਂ ਦੇ ਖਿਲਾਫ ਚੱਲ ਰਹੇ ਕਿਸਾਨੀ ਸੰਘਰਸ਼ ਵਿੱਚ ਕਿਸਾਨਾਂ ਅਤੇ ਉਨ੍ਹਾਂ ਦੇ ਸਮੱਰਥਕਾਂ ਦੀ ਦਲੀਲ ਹੈ ਕਿ ਖੇਤੀਬਾੜੀ ਅਤੇ ਖੇਤੀ ਵਸਤਾਂ ਦਾ ਮੰਡੀਕਰਨ ਰਾਜ ਸਰਕਾਰਾਂ ਦਾ ਵਿਸ਼ਾ ਹੈ। ਉਹ ਇਹ ਗੱਲ ਠੀਕ ਕਹਿੰਦੇ ਹਨ, ਪਰ ਅਗਲੀ ਉਲਝਣ ਇਹ ਹੈ ਕਿ ਏਸੇ ਸਿਸਟਮ ਵਿੱਚ ਇੱਕ ਤੋਂ ਦੂਸਰੇ ਰਾਜ ਵੱਲ ਅਨਾਜ ਸਮੇਤ ਹਰ ਚੀਜ਼ ਲਿਜਾਣ ਵਰਗੀ ਜ਼ਿਮੇਵਾਰੀ ਰਾਜਾਂ ਨੂੰ ਲਾਂਭੇ ਰੱਖ ਕੇ 'ਕਨਕਰੰਟ ਲਿਸਟ' ਵਿੱਚ ਧਾਰਾ ਬਤਾਲੀ ਮੂਹਰੇ 'ਇੰਟਰ ਸਟੇਟ ਟਰੇਡ ਐਂਡ ਕਾਮਰਸ' ਲਿਖ ਕੇ ਕੇਂਦਰ ਸਰਕਾਰ ਦੇ ਖਾਤੇ ਵਿੱਚ ਪਾ ਦਿੱਤੀ ਗਈ ਹੈ। ਇਹੋ ਕਾਰਨ ਹੈ ਕਿ ਕਿਸਾਨਾਂ ਨਾਲ ਗੱਲਬਾਤ ਵਿੱਚ ਜਦੋਂ ਇਹ ਕਿਹਾ ਗਿਆ ਕਿ ਇਨ੍ਹਾਂ ਬੈਠਕਾਂ ਵਿੱਚ ਖੇਤੀਬਾੜੀ ਮੰਤਰੀ ਨਰਿੰਦਰ ਸਿੰਘ ਤੋਮਰ ਤਾਂ ਬੈਠ ਸਕਦਾ ਹੈ, ਪਰ ਗੱਲਬਾਤ ਵਿੱਚ ਰੇਲਵੇ ਮੰਤਰੀ ਪਿਊਸ਼ ਗੋਇਲ ਨਹੀਂ ਬੈਠ ਸਕਦਾ ਤਾਂ ਕੇਂਦਰ ਨੇ ਅੰਤਰ-ਰਾਜੀ ਵਪਾਰ ਦਾ ਕੇਂਦਰੀ ਹੱਕ ਹੋਣ ਦੀ ਗੱਲ ਕਹਿ ਕੇ ਉਸ ਦਾ ਬੈਠਣਾ ਜ਼ਰੂਰੀ ਕਰ ਦਿੱਤਾ ਸੀ। ਕਿਸਾਨ ਵੱਲੋਂ ਪੈਦਾ ਕੀਤਾ ਸਾਰਾ ਅਨਾਜ ਆਪਣੇ ਰਾਜ ਵਿੱਚ ਨਹੀਂ ਲੱਗ ਸਕਦਾ, ਕੁਝ ਨਾ ਕੁਝ ਦੂਸਰੇ ਰਾਜਾਂ ਨੂੰ ਵੀ ਭੇਜਣਾ ਹੁੰਦਾ ਹੈ ਤੇ ਇਹ ਕੰਮ ਕੇਂਦਰੀ ਵਪਾਰ ਮੰਤਰੀ ਪਿਊਸ਼ ਗੋਇਲ ਦੀ ਮਰਜ਼ੀ ਦਾ ਮੁਥਾਜ ਹੁੰਦਾ ਹੈ। ਇਹੋ ਗੱਲ ਬੀ ਐੱਸ ਐੱਫ ਦੇ ਅਧਿਕਾਰਾਂ ਦੇ ਮਾਮਲੇ ਵਿੱਚ ਹੈ। ਭਾਰਤ ਵਿੱਚ ਅਮਨ-ਕਾਨੂੰਨ ਰਾਜ ਸਰਕਾਰਾਂ ਦਾ ਵਿਸ਼ਾ ਹੈ, ਪਰ ਜਿੱਥੇ ਮਾਮਲਾ ਗਵਾਂਢੀ ਦੇਸ਼ ਵੱਲੋਂ ਕੀਤੀ ਜਾਂਦੀ ਕਿਸੇ ਸ਼ਰਾਰਤ, ਕਰਾਈ ਜਾਂਦੀ ਤਸਕਰੀ ਜਾਂ ਘੁਸਪੈਠ ਦਾ ਹੋਵੇ, ਓਥੇ ਕੇਂਦਰ ਸਰਕਾਰ ਨੂੰ ਦਖਲ ਦੇਣ ਦਾ ਹੱਕ ਸੰਵਿਧਾਨ ਵਿੱਚ ਵੀ ਦਿੱਤਾ ਹੋਇਆ ਹੈ। 'ਦ ਬਾਰਡਰ ਸਕਿਓਰਟੀ ਐਕਟ-1968' ਦੀ ਧਾਰਾ 139 ਵਿੱਚ ਇਹ ਲਿਖਿਆ ਹੈ ਕਿ ਕੇਂਦਰ ਸਰਕਾਰ ਕਿਸੇ ਵੇਲੇ ਗਜ਼ਟ ਵਿੱਚ ਆਮ ਜਾਂ ਵਿਸ਼ੇਸ਼ ਸੂਚਨਾ ਛਾਪ ਕੇ ਇਹ ਪ੍ਰਬੰਧ ਕਰ ਸਕਦੀ ਹੈ ਕਿ ਸਥਾਨਕ ਪੁਲਸ ਵੱਲੋਂ ਕੀਤੇ ਜਾਂਦੇ ਕੁਝ ਕੰਮਾਂ ਦੀ ਜ਼ਿੰਮੇਵਾਰੀ ਕੇਂਦਰੀ ਫੋਰਸ ਨੂੰ ਸੌਂਪ ਕੇ ਪੂਰੇ ਕੰਮਾਂ ਜਾਂ ਉਨ੍ਹਾਂ ਦਾ ਇੱਕ ਹਿੱਸਾ ਸੌਂਪ ਦਿੱਤਾ ਜਾਵੇ। ਇਸ ਬਾਰੇ ਪੰਜਾਬ ਨੂੰ ਸੋਚਣਾ ਪੈਣਾ ਹੈ।

'ਗੱਲ ਸਹੇ ਦੀ ਨਹੀਂ, ਪਹੇ ਦੀ ਹੈ' ਅਤੇ ਭਾਰਤ ਵਿੱਚ ਇਹ ਪਹਿਆ ਪੈ ਚੁੱਕਾ ਹੈ ਕਿ ਜਦੋਂ ਵੀ ਕੇਂਦਰ ਸਰਕਾਰ ਦੀ ਫੌਰੀ ਜਾਂ ਲੰਮੇ ਸਮੇਂ ਦੀ ਰਾਜਸੀ ਲੋੜ ਹੋਵੇ ਤਾਂ ਕੇਂਦਰੀ ਫੋਰਸਾਂ ਨੂੰ ਕਦੇ ਵੀ ਕਿਤੇ ਸੱਦਿਆ ਜਾ ਸਕਦਾ ਹੈ। ਇਸ ਲਈ ਪਿਛਲੇ ਹਫਤੇ ਜਿਹੜਾ ਫੈਸਲਾ ਭਾਰਤ ਸਰਕਾਰ ਨੇ ਹੋਰ ਰਾਜਾਂ ਦੇ ਨਾਲ ਪੰਜਾਬ ਵਿੱਚ ਬੀ ਐੱਸ ਐੱਫ ਦਾ ਅਧਿਕਾਰ ਖੇਤਰ ਵਧਾਉਣ ਬਾਰੇ ਕੀਤਾ ਹੈ, ਉਹ ਲੰਮੇ ਸਮੇਂ ਵਾਲੀ ਕਿਸੇ ਲੋੜ ਦੀ ਕਾਢ ਵੀ ਹੋ ਸਕਦਾ ਹੈ। ਏਦਾਂ ਦੀ ਲੋੜ ਪਈ ਤਾਂ ਪੰਜਾਬ ਜਾਂ ਪੱਛਮੀ ਬੰਗਾਲ ਵਿੱਚ ਪੈ ਸਕਦੀ ਹੈ, ਆਸਾਮ ਵਿੱਚ ਏਦਾਂ ਦੀ ਨੌਬਤ ਆਉਣ ਦੀ ਕੋਈ ਸੰਭਾਵਨਾ ਅਜੇ ਨਹੀਂ ਦਿੱਸਦੀ। ਬੰਗਾਲ ਵਿੱਚ ਕੀ ਹੁੰਦਾ ਹੈ, ਇਹ ਤਾਂ ਪਤਾ ਨਹੀਂ, ਪਰ ਪੰਜਾਬ ਨੂੰ ਇਸ ਬਾਰੇ ਚਿੰਤਾ ਹੋਣੀ ਸੁਭਾਵਕ ਹੈ।

# ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਨੇ ਮਨਾਇਆ ਬਾਬਾ ਬੰਦਾ ਸਿੰਘ ਬਹਾਦਰ ਦਾ 351ਵਾਂ ਜਨਮ ਦਿਨ

**ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹਾਦਤ ਦੀ ਦੁਨੀਆਂ ਭਰ ਵਿਚ ਕਿਧਰੇ ਕੋਈ ਮਿਸਾਲ ਨਹੀਂ ਮਿਲਦੀ : ਕੋਟਲੀ, ਗਿਲਜੀਆ**

*** 8 ਕਿਸਾਨਾਂ ਨੂੰ ਬਾਬਾ ਬੰਦਾ ਸਿੰਘ ਬਹਾਦਰ ਯਾਦਗਾਰੀ ਪੁਰਸਕਾਰ ਨਾਲ ਕੀਤਾ ਸਨਮਾਨਿਤ**

*** ਹਲਵਾਰਾ ਏਅਰਪੋਰਟ ਅਤੇ ਪੀਏਯੂ ਦਾ ਨਾਮ ਬਾਬਾ ਬੰਦਾ ਸਿੰਘ ਬਹਾਦਰ ਦੇ ਨਾਮ ਤੇ ਰੱਖਣ ਦੀ ਕੀਤੀ ਮੰਗ**





ਮੁੱਲਾਂਪੁਰ, 17 ਅਕਤੂਬਰ (ਗਿਆਨ ਸਿੰਘ): ਸਰਹਿੰਦ ਦੀ ਇੱਟ ਨਾਲ ਇੱਟ ਖੜਕਾ ਕੇ ਪਹਿਲੇ ਸਿੱਖ ਲੋਕਰਾਜ ਦੀ ਸਥਾਪਨਾ ਕਰਨ ਵਾਲੇ ਮਹਾਨ ਜੋਧੇ ਜਰਨੈਲ, ਕਿਸਾਨਾਂ ਦੇ ਮੁਕਤੀ ਦਾਤਾ ਬਾਬਾ ਬੰਦਾ ਸਿੰਘ ਬਹਾਦਰ ਜੀ ਦਾ 351ਵਾਂ ਜਨਮ ਦਿਨ ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਵੱਲੋਂ ਬਾਬਾ ਬਹਾਦਰ ਭਵਨ ਰਕਬਾ ਵਿੱਖੇ ਸ਼ਰਧਾ ਅਤੇ ਸਨਮਾਨ ਨਾਲ ਮਨਾਇਆ ਗਿਆ। ਫਾਊਂਡੇਸ਼ਨ ਵੱਲੋਂ 8 ਕਿਸਾਨਾਂ ਨੂੰ ਬਾਬਾ ਬੰਦਾ ਸਿੰਘ ਬਹਾਦਰ ਯਾਦਗਾਰੀ ਐਵਾਰਡ ਦੇ ਕੇ ਸਨਮਾਨਤ ਕੀਤਾ ਗਿਆ, ਜਿਨ੍ਹਾਂ ਵਿੱਚ ਤਾਰਾ ਸਿੰਘ ਤਲਵੰਡੀ ਕਲਾਂ, ਪਵਿੱਤਰ ਸਿੰਘ ਹਰਿਆਣਾ, ਲਵਪ੍ਰੀਤ ਸਿੰਘ ਬੱਬਰ ਹਰਿਆਣਾ, ਭੁਪਿੰਦਰ ਸਿੰਘ ਮਾਨਸਾ, ਹਰਿੰਦਰ ਸਿੰਘ ਰਕਬਾ, ਗੁਰਜੰਟ ਸਿੰਘ ਵਿਰਕ ਹਰਿਆਣਾ, ਕੁਲਦੀਪ ਸਿੰਘ ਖਾਲਸਾ ਰੱਤੋਵਾਲ ਅਤੇ ਸਤਨਾਮ ਸਿੰਘ ਵੜੈਚ ਸ਼ਾਮਲ ਸਨ।

ਇਸ ਮੌਕੇ ਪੰਜਾਬ ਦੇ ਉਦਯੋਗ ਮੰਤਰੀ ਗੁਰਕੀਰਤ ਸਿੰਘ ਕੋਟਲੀ ਅਤੇ ਜੰਗਲਾਤ ਮੰਤਰੀ ਸੰਗਤ ਸਿੰਘ ਗਿਲਜੀਆਂ ਉਚੇਚੇ ਤੌਰ ਤੇ ਸ਼ਾਮਲ ਹੋਏ। ਸੰਬੋਧਨ ਕਰਦਿਆਂ ਗੁਰਕੀਰਤ ਸਿੰਘ ਕੋਟਲੀ ਨੇ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਜੀ ਦੀ ਸ਼ਹਾਦਤ ਦੀ ਦੁਨੀਆਂ ਭਰ ਵਿਚ ਕਿਧਰੇ ਕੋਈ ਮਿਸਾਲ ਨਹੀਂ ਮਿਲਦੀ। ਉਨ੍ਹਾਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਫਾਊਂਡੇਸ਼ਨ ਦੇ ਪ੍ਰਧਾਨ ਕ੍ਰਿਸ਼ਨ ਕੁਮਾਰ ਬਾਵਾ ਦੀ ਟੀਮ ਵੱਲੋਂ ਬਾਬਾ ਬੰਦਾ ਸਿੰਘ ਬਹਾਦਰ ਦੇ ਜੀਵਨ ਸਬੰਧੀ ਜੋ ਦੁਨੀਆ ਭਰ ਵਿਚ ਪ੍ਰਚਾਰ ਅਤੇ ਪ੍ਰਸਾਰ ਕੀਤਾ ਜਾ ਰਿਹਾ ਹੈ ਉਹ ਸ਼ਲਾਘਾਯੋਗ ਹੈ। ਉਨ੍ਹਾਂ ਇਸ ਮੌਕੇ ਮੁੱਖ ਮੰਤਰੀ ਪੰਜਾਬ ਚਰਨਜੀਤ ਸਿੰਘ ਚੰਨੀ ਵੱਲੋਂ ਬਾਬਾ ਬੰਦਾ ਸਿੰਘ ਬਹਾਦਰ ਫਾਊਂਡੇਸ਼ਨ ਨੂੰ 25 ਲੱਖ ਰੁਪਏ ਦੀ ਗਰਾਂਟ ਦੇਣ ਦਾ ਐਲਾਨ ਕੀਤਾ।

ਜੰਗਲਾਤ ਮੰਤਰੀ ਸੰਗਤ ਸਿੰਘ ਗਿਲਜੀਆਂ ਨੇ ਬਾਬਾ ਬੰਦਾ ਸਿੰਘ ਬਹਾਦਰ ਵੱਲੋਂ ਕੀਤੀਆਂ ਸ਼ਾਨਦਾਰ ਪ੍ਰਾਪਤੀਆਂ ਦਾ ਜਿਕਰ ਕਰਦਿਆਂ ਕ੍ਰਿਸ਼ਨ ਕੁਮਾਰ ਬਾਵਾ ਅਤੇ ਸਾਥੀਆਂ ਦੀ ਸ਼ਲਾਘਾ ਕੀਤੀ ਜਿਨ੍ਹਾਂ ਵੱਲੋਂ ਉਨ੍ਹਾਂ ਦੀ ਯਾਦ ਨੂੰ ਸਦੀਵੀ ਕਾਇਮ ਰੱਖਣ ਲਈ ਸ਼ਲਾਘਾਯੋਗ ਕਾਰਜ ਕੀਤੇ ਗਏ ਹਨ। ਉਨ੍ਹਾਂ ਸ੍ਰੀ ਬਾਵਾ ਵੱਲੋਂ ਰੱਖੀਆਂ ਮੰਗਾਂ ਦਾ ਜਿਕਰ ਕਰਦਿਆਂ ਕਿਹਾ ਕਿ ਉਹ ਇਨ੍ਹਾਂ ਬਾਰੇ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨਾਲ ਗੱਲਬਾਤ ਕਰਨਗੇ।

ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਲਜੀਤ ਸਿੰਘ ਦਾਦੂਵਾਲ ਨੇ ਕਿਹਾ ਕਿ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਚੇਅਰਮੈਨ ਡਾ ਐੱਸਪੀਐੱਸ ਉਬਰਾਏ ਵੱਲੋਂ ਬਾਬਾ ਬੰਦਾ ਸਿੰਘ ਬਹਾਦਰ ਭਵਨ ਰਕਬਾ ਵਿੱਚ ਸ਼ਬਦ ਪ੍ਰਕਾਸ਼ ਮਿਊਜ਼ੀਅਮ ਬਣਵਾ ਕੇ ਇਤਿਹਾਸ ਨੂੰ ਸੰਭਾਲਣ ਦਾ ਜੋ ਕਾਰਜ ਕੀਤਾ ਹੈ ਉਹ ਸ਼ਲਾਘਾਯੋਗ ਹੈ। ਉਨ੍ਹਾਂ ਕ੍ਰਿਸ਼ਨ ਕੁਮਾਰ ਬਾਵਾ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਵੀ ਭਰਪੂਰ ਸ਼ਲਾਘਾ ਕੀਤੀ ।

ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਦੇ ਪ੍ਰਧਾਨ ਕ੍ਰਿਸ਼ਨ ਕੁਮਾਰ ਬਾਵਾ ਅਤੇ ਸਰਪ੍ਰਸਤ ਮਲਕੀਤ ਸਿੰਘ ਦਾਖਾ ਸਾਬਕਾ ਮੰਤਰੀ ਪੰਜਾਬ ਨੇ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਨੇ ਕਿਸਾਨਾਂ ਨੂੰ ਜ਼ਮੀਨਾਂ ਦੇ ਮਾਲਕ ਬਣਾ ਕੇ ਪਹਿਲੇ ਸਿੱਖ ਲੋਕ ਰਾਜ ਦੀ ਨੀਂਹ ਰੱਖੀ ਸੀ। ਉਨ੍ਹਾਂ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਦੇ ਨਾਮ ਤੇ ਸਿੱਕਾ ਜਾਰੀ ਕੀਤਾ ਸੀ। ਬਾਬਾ ਬੰਦਾ ਸਿੰਘ ਬਹਾਦਰ ਜੀ ਨੇ 97 ਸਾਲ ਦੇ ਮੁਗਲ ਸਾਮਰਾਜ ਦਾ ਖਾਤਮਾ ਕੇਵਲ ਦੋ ਸਾਲ ਦੇ ਸਮੇਂ ਵਿੱਚ ਕਰ ਕੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਦਾ ਬਦਲਾ ਸਰਹਿੰਦ ਦੀ ਇੱਟ ਨਾਲ ਇੱਟ ਖੜਕਾ ਕੇ ਲਿਆ ਸੀ।

ਉਨ੍ਹਾਂ ਮੰਗ ਕੀਤੀ ਕਿ ਕੇਂਦਰ ਸਰਕਾਰ ਹਲਵਾਰਾ ਏਅਰਪੋਰਟ ਅਤੇ ਪੰਜਾਬ ਸਰਕਾਰ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦਾ ਨਾਮ ਬਾਬਾ ਬੰਦਾ ਸਿੰਘ ਬਹਾਦਰ ਦੇ ਨਾਮ ਤੇ ਰੱਖ ਕੇ ਇਸ ਮਹਾਨ ਜਰਨੈਲ ਨੂੰ ਆਪਣੀ ਸ਼ਰਧਾਂਜਲੀ ਪ੍ਰਗਟ ਕਰੇ।

ਫਾਊਂਡੇਸ਼ਨ ਵੱਲੋਂ ਪ੍ਰਧਾਨ ਬਾਵਾ, ਦਾਖਾ, ਪੰਜਾਬ ਪ੍ਰਧਾਨ ਕਰਨੈਲ ਸਿੰਘ ਗਿੱਲ, ਬੈਰਾਗੀ ਮਹਾਂਮੰਡਲ ਪੰਜਾਬ ਦੇ ਪ੍ਰਧਾਨ ਰਵਿੰਦਰ ਨੰਦੀ ਬਾਵਾ, ਮਹਿਲਾ ਵਿੰਗ ਪ੍ਰਧਾਨ ਬਰਜਿੰਦਰ ਕੌਰ ਅਤੇ ਹਰਿਆਣਾ ਇਕਾਈ ਦੇ ਪ੍ਰਧਾਨ ਉਮਰਾਓ ਸਿੰਘ ਛੀਨਾ ਨੇ ਮੰਤਰੀਆਂ ਕੋਟਲੀ ਅਤੇ ਗਿਲਜੀਆਂ ਨੂੰ ਬਾਬਾ ਬੰਦਾ ਸਿੰਘ ਬਹਾਦਰ ਜੀ ਦੀ ਤਸਵੀਰ ਅਤੇ ਦੁਸ਼ਾਲਾ ਭੇਂਟ ਕਰਕੇ ਸਨਮਾਨਿਤ ਕੀਤਾ। ਸਮਾਗਮ ਵਿਚ ਵਿਸ਼ੇਸ਼ ਰੂਪ ਵਿੱਚ ਵਿਧਾਇਕ ਅਮਰੀਕ ਸਿੰਘ ਢਿੱਲੋਂ, ਬਾਬਾ ਭੁਪਿੰਦਰ ਸਿੰਘ ਪਟਿਆਲਾ ਅਤੇ ਸਿੱਖ ਵਿਦਵਾਨ ਪ੍ਰਿੰਸੀਪਲ ਰਾਮ ਸਿੰਘ ਨੇ ਸ਼ਮੂਲੀਅਤ ਕੀਤੀ।

ਸਮਾਗਮ ਵਿੱਚ ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਦੇ ਪ੍ਰਧਾਨ ਕਰਨੈਲ ਸਿੰਘ ਗਿੱਲ, ਹਰਕੇਸ਼ ਬਾਵਾ ਬੁਢਲਾਡਾ, ਪ੍ਰੋ ਜੀਵਨ ਦਾਸ ਬਾਵਾ, ਸੁਰਜੀਤ ਦਾਸ ਬਾਵਾ, ਮੱਧ ਪ੍ਰਦੇਸ਼ ਤੋਂ ਮਨੋਹਰ ਬੈਰਾਗੀ, ਹਰਿਆਣਾ ਇਕਾਈ ਦੇ ਪ੍ਰਧਾਨ ਅਮਰੀਕ ਸਿੰਘ ਛੀਨਾ, ਬਲਵੰਤ ਸਿੰਘ ਧਨੋਆ, ਰੇਸ਼ਮ ਸਿੰਘ ਸੱਗੂ, ਰਵਿੰਦਰ ਰੰਗੂਵਾਲ, ਗਗਨਦੀਪ ਬਾਵਾ, ਅਮਰਿੰਦਰ ਸਿੰਘ ਜੱਸੋਵਾਲ, ਪਰਮਿੰਦਰ ਸਿੰਘ ਬਿੱਟੂ, ਡਾ ਸੁਖਬੀਰ ਸਿੰਘ, ਬਾਦਲ ਸਿੰਘ ਸਿੱਧੂ, ਜਸਪਾਲ ਸਿੰਘ ਮੁੱਲਾਂਪੁਰ, ਪਵਨ ਗਰਗ , ਰਜੀਵ ਬਾਵਾ, ਹਨੀ ਸਿੰਘ ਖੀਵਾ, ਪ੍ਰਭਾਕਰ ਬਰਨਾਲਾ, ਐਂਡਰੇਸ ਬਾਵਾ, ਵਿਕਰਮ ਮਹੰਤ, ਅਰਜੁਨ ਬਾਵਾ, ਅਮਨਦੀਪ ਬਾਵਾ, ਲਵਲੀ ਚੌਧਰੀ, ਹਰਭਜਨ ਦਾਸ ਬਾਵਾ, ਵੈਦ ਨਵਦੀਪ , ਹਰਬੰਸ ਦਾਸ ਬੰਟੂ, ਇਕਬਾਲ ਸਿੰਘ ਰਿਐਤ, ਤਰਸੇਮ ਜਸੂਜਾ, ਤਰਸੇਮ ਬਾਵਾ, ਚਰਨ ਦਾਸ ਬਾਵਾ, ਮਹੰਤ ਬਾਲਕ ਦਾਸ, ਜੱਗਾ ਦੱਸ ਜੜਵਾ, ਮਹੰਤ ਤਾਰਾ ਸਿੰਘ ਨਾਭਾ, ਮਹੰਤ ਜਗਰੂਪ ਦੱਸ ਭੱਟੀਆਂ, ਮਹੰਤ ਦਰਸ਼ਨ ਦਾਸ ਵਡਾਲਾ, ਮਹੰਤ ਹਰਭਜਨ ਦਾਸ ਪਟਿਆਲਾ, ਗੁਲਜਿੰਦਰ ਸਿੰਘ ਲੁਹਾਰਾ, ਮਹੰਤ ਰਘੁਬੀਰ ਦਾਸ ਤਪਾ, ਗੁਰਚਰਨ ਸਿੰਘ ਪੰਨਵਾਂ, ਗੁਰਵਿੰਦਰ ਸਿੰਘ, ਗਿੱਲ ਕਾਕਾ ਮੁੱਲਾਂਪੁਰ, ਅਨਿਲ ਵਰਮਾ ਕੈਂਥਲ, ਸਾਜਨ ਮਲਹੋਤਰਾ ਜਗਰਾਉਂ ਆਦਿ ਵੀ ਹਾਜ਼ਰ ਸਨ।



## ਕਿਸਾਨਾਂ ਵੱਲੋਂ ਅਰਬਨ ਏਰੀਆ ਦੇ ਹਿਸਾਬ ਜ਼ਮੀਨੀ ਮੁਆਵਜ਼ੇ ਦੀ ਮੰਗ

*** ਨਿਊ ਚੰਡੀਗੜ੍ਹ ਵਾਲੀ ਰੋਡ ਉੱਤੇ ਹਾਈ ਕੋਰਟ ਦਾ ਸਟੇਅ ਜਾਰੀ**



ਚੰਡੀਗੜ੍ਹ, 17 ਅਕਤੂਬਰ (ਪੋਸਟ ਬਿਊਰੋ)- ਧਨਾਸ ਤੋਂ ਨਿਊ ਚੰਡੀਗੜ੍ਹ ਲਈ ਬਣ ਰਹੀ ਸਵਾ ਕਿਲੋਮੀਟਰ ਲੰਬੀ ਰੋਡ ਉੱਤੇ ਪੰਜਾਬ ਤੇ ਹਰਿਆਣਾ ਹਾਈ ਕੋਰਟ ਦਾ ਸਟੇਅ ਅਜੇ ਵੀ ਜਾਰੀ ਹੈ। ਰੋਡ ਬਣਾਉਣ ਲਈ ਇੰਜੀਨੀਅਰਿੰਗ ਵਿਭਾਗ ਨੇ ਟੈਂਡਰ ਅਲਾਟ ਕਰ ਕੇ ਕੰਮ ਸ਼ੁਰੂ ਕਰਵਾ ਦਿੱਤਾ ਹੈ, ਪਰ ਕੋਰਟ ਨੇ ਕਿਸਾਨਾਂ ਨੂੰ ਅਰਬਨ ਏਰੀਆ ਦੇ ਹਿਸਾਬ ਮੁਆਵਜ਼ਾ ਦੇਣ ਲਈ ਪ੍ਰਸ਼ਾਸਨ ਤੋਂ ਦੋ ਅਕਤੂਬਰ ਤਕ ਜਵਾਬ ਮੰਗਿਆ ਸੀ। ਪ੍ਰਸ਼ਾਸਨ ਨੇ ਦੋ ਫਰਵਰੀ 2022 ਤਕ ਜਵਾਬ ਦੇਣ ਲਈ ਸਮਾਂ ਮੰਗਿਆ ਹੋਇਆ ਹੈ ਅਤੇ ਇਸੇ ਕਾਰਨ ਨਿਊ ਚੰਡੀਗੜ੍ਹ ਲਈ ਚੰਡੀਗੜ੍ਹ ਦੇ ਏਰੀਏ ਵਿੱਚ ਸਵਾ ਕਿਲੋਮੀਟਰ ਰੋਡ ਇੱਕ ਸਾਲ ਤੋਂ ਨਹੀਂ ਬਣਾਈ ਜਾ ਸਕੀ ਅਤੇ ਕੰਮ ਰੁਕਿਆ ਪਿਆ ਹੈ।

ਹਾਈ ਕੋਰਟ ਨੇ ਪ੍ਰਸ਼ਾਸਨ ਤੋਂ ਜਵਾਬ ਮੰਗਿਆ ਹੈ ਕਿ ਧਨਾਸ ਅਤੇ ਡੱਡੂਮਾਜਰਾ ਪਿੰਡ ਐਮ ਸੀ ਏਰੀਆ ਵਿੱਚ ਹਨ ਤਾਂ ਉਨ੍ਹਾਂ ਦੀ ਜ਼ਮੀਨ ਰੂਰਲ ਏਰੀਆ ਦੇ ਨਾਂਅ ਕਿਵੇਂ ਐਕਵਾਇਰ ਕੀਤੀ ਹੈ। ਜੇ ਪ੍ਰੋਜੈਕਟ ਲਈ ਐਕਵਾਇਰ ਕਰਨੀ ਹੈ ਤਾਂ ਉਸ ਦੇ ਨਾਲ ਲੱਗਦੀ ਜ਼ਮੀਨ ਦੇ ਐਕਵਾਇਰ ਕੀਤੇ ਜਾਣ ਵਾਲੇ ਰੇਟ ਤੈਅ ਕਰਨੇ ਸਨ। ਨਾਲ ਦੀ ਜ਼ਮੀਨ ਐਮ ਸੀ ਏਰੀਆ ਵਿੱਚ ਹੈ। ਘੱਟ ਮੁਆਵਜ਼ੇ ਦੇ ਵਿਰੋਧ ਵਿੱਚ ਧਾਨਸ ਅਤੇ ਡੱਡੂਮਾਜਰਾ ਪਿੰਡ ਦੇ ਕਿਸਾਨ ਪੰਜਾਬ ਤੇ ਹਰਿਆਣਾ ਹਾਈ ਕੋਰਟ ਵਿੱਚ ਚਲੇ ਗਏ ਤਾਂ ਪ੍ਰਸ਼ਾਸਨ ਨੇ 10 ਜੁਲਾਈ 2020 ਨੂੰ ਪੁਲਸ ਫੋਰਸ ਨਾਲ ਕਿਸਾਨਾਂ ਤੋਂ ਇਸ ਜ਼ਮੀਨ ਦਾ ਕਬਜ਼ਾ ਲੈ ਕੇ ਇੰਜੀਨੀਅਰਿੰਗ ਡਿਪਾਰਟਮੈਂਟ ਨੂੰ ਦਿਵਾ ਦਿੱਤਾ ਸੀ। ਓਦੋਂ ਕਿਸਾਨਾਂ ਨੇ ਕਿਹਾ ਸੀ ਕਿ ਕੇਸ ਦੀ ਸੁਣਵਾਈ 10 ਅਗਸਤ ਨੂੰ ਕੋਰਟ ਵਿੱਚ ਲੱਗੀ ਹੋਈ ਹੈ। ਕਬਜ਼ਾ ਮਿਲਣ ਪਿੱਛੋਂ ਪ੍ਰਸ਼ਾਸਨ ਦੇ ਇੰਜੀਨੀਅਰਿੰਗ ਵਿਭਾਗ ਨੇ ਸਤੰਬਰ 2020 ਵਿੱਚ ਰੋਡ ਉੱਤੇ ਮਿੱਟੀ ਪਾਉਣੀ ਸ਼ੁਰੂ ਕਰ ਦਿੱਤੀ, ਪਰ ਹਾਈ ਕੋਰਟ ਨੇ ਪਿੰਡ ਡੱਡੂਮਾਜਰਾ ਤੇ ਧਨਾਸ ਦੇ ਕਿਸਾਨਾਂ ਦੀ ਮੁਆਵਜ਼ਾ ਰਾਸ਼ੀ ਅਰਬਨ ਏਰੀਆ ਹੇਠਦਿੱਤੇ ਜਾਣ ਉੱਤੇ ਰੋਡ ਬਣਾਉਣ ਦੇ ਕੰਮ ਉੱਤੇ ਸਟੇਅ ਲਾ ਦਿੱਤਾ, ਜੋ ਅਜੇ ਜਾਰੀ ਹੈ।

ਧਨਾਸ ਦੇ ਸਾਬਕਾ ਸਰਪੰਚ ਕੁਲਜੀਤ ਸਿੰਘ ਸੰਧੂ ਦੇ ਮੁਤਾਬ ਹਾਈ ਕੋਰਟ ਦੇ ਰਾਹੀਂ ਪ੍ਰਸ਼ਾਸਨ ਤੋਂ ਅਰਬਨ ਲੈਂਡ ਦੇ ਹਿਸਾਬ ਨਾਲ ਧਨਾਸ ਅਤੇ ਡੱਡੂਮਾਜਰਾ ਦੇ ਕਿਸਾਨਾਂ ਨੂੰ ਮੁਆਵਜ਼ਾ ਦੇਣ ਦੀ ਮੰਗ ਕੀਤੀ ਗਈ ਹੈ।ਨਿਊ ਚੰਡੀਗੜ੍ਹ ਦੇ ਚੰਡੀਗੜ੍ਹ ਏਰੀਏ ਵਿੱਚ ਸਵਾ ਕਿਲੋਮੀਟਰ 200 ਫੁੱਟ ਦੀ ਰੋਡ ਬਣਾਉਣ ਲਈ ਪ੍ਰਸ਼ਾਸਨ ਨੇ 18 ਮਈ 2020 ਨੂੰ ਪਿੰਡ ਡੱਡੂਮਾਜਰਾ ਅਤੇ ਧਨਾਸ ਦੀ 17.76 ਏਕੜ ਜ਼ਮੀਨ (ਡੱਡੂਮਾਜਰਾ ਦੀ 12.23 ਏਕੜ ਅਤੇ ਧਨਾਸ ਦੀ 5.53 ਏਕੜ) ਐਕਵਾਇਰ ਕਰਨ ਦਾ ਐਵਾਰਡ ਸੁਣਾਇਆ ਸੀ। ਦੋਵਾਂ ਪਿੰਡਾਂ ਦੇ ਕਿਸਾਨਾਂ ਦਾ ਵਿਰੋਧ ਅਣਸੁਣਿਆ ਕਰ ਕੇ ਦਿੱਤਾ ਗਿਆ ਸੀ। ਕਿਸਾਨਾਂ ਵੱਲੋਂ ਮੁਆਵਜ਼ੇ ਦਾ ਮੁੱਦਾ ਉਠਾਉਣ ਪਿੱਛੋਂ ਰੋਡ ਨਹੀਂ ਬਣ ਸਕੀ ਹੈ।

## ਪਾਕਿ ਤੋਂ ਮੰਗਵਾਈ 19 ਕਰੋੜ ਰੁਪਏ ਦੀ ਹੈਰੋਇਨ ਸਣੇ ਇੱਕ ਕਾਬੂ



ਤਰਨ ਤਾਰਨ, 17 ਅਕਤੂਬਰ (ਪੋਸਟ ਬਿਊਰੋ)- ਇਸ ਜ਼ਿਲ੍ਹੇ ਦੇ ਸੀ ਆਈ ਏ ਸਟਾਫ ਨੇ ਇੱਕ ਮੁਲਜ਼ਮ ਨੂੰ ਤਿੰਨ ਕਿਲੋ 693 ਗਰਾਮ ਹੈਰੋਇਨ ਸਮੇਤ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਬਰਾਮਦ ਕੀਤੀ ਹੈਰੋਇਨ ਦੀ ਅੰਤਰਰਾਜੀ ਬਾਜ਼ਾਰ ਵਿੱਚ ਕੀਮਤ ਕਰੀਬ 19 ਕਰੋੜ ਰੁਪਏ ਦੱਸੀ ਜਾ ਰਹੀ ਹੈ।

ਐਸ ਐਸ ਪੀ ਹਰਵਿੰਦਰ ਸਿੰਘ ਵਿਰਕ ਨੇ ਦੱਸਿਆ ਕਿ ਕੁਝ ਲੋਕ ਗਿਰੋਹ ਬਣਾ ਕੇ ਪਾਕਿਸਤਾਨੀ ਤਸਕਰਾਂ ਨਾਲ ਤਾਲਮੇਲ ਕਰ ਕੇ ਹੈਰੋਇਨ ਦੀ ਖੇਪ ਮੰਗਵਾ ਰਹੇ ਸਨ, ਜੋ ਪੰਜਾਬ ਭਰ ਦੇ ਵੱਖ-ਵੱਖ ਇਲਾਕਿਆਂ ਵਿੱਚ ਸਪਲਾਈ ਕੀਤੀ ਜਾਂਦੀ ਸੀ। ਵਿਰਕ ਨੇ ਦੱਸਿਆ ਕਿ ਪੁਲ ਡਰੇਨ ਨਾਰਲੀ ਵਿਖੇ ਨਾਕਾਬੰਦੀ ਉੱਤੇ ਇੱਕ ਵਿਅਕਤੀ ਨੂੰ ਰੋਕ ਕੇ ਸਖਤੀ ਨਾਲ ਪੁੱਛ-ਗਿੱਛ ਕੀਤੀ ਤਾਂ ਉਸ ਨੇ ਆਪਣਾ ਨਾਂਅ ਕੇਵਲ ਸਿੰਘ ਉਰਫ ਕੇ ਬੀ ਪੁੱਤਰ ਅਜੀਤ ਸਿੰਘ ਨਾਰਲੀ ਦੱਸਿਆ। ਉਸ ਨੇ ਮੰਨਿਆ ਕਿ ਉਹ ਆਪਣੇ ਸਾਥੀ ਬਲਰਾਜ ਸਿੰਘ ਪੁੱਤਰ ਸਾਹਿਬ ਸਿੰਘ ਵਾਸੀ ਨਾਰਲੀ ਅਤੇ ਅਜੈਬੀਰ ਸਿੰਘ ਉਰਫ ਅਜੈ ਪੁੱਤਰ ਜਰਨੈਲ ਸਿੰਘ ਵਾਸੀ ਹਵੇਲੀਆਂ ਨਾਲ ਮਿਲ ਕੇ ਪਾਕਿ-ਸਤਾਨ ਤੋਂ ਹੈਰੋਇਨ ਦੀ ਖੇਪ ਮੰਗਾਉਣ ਦਾ ਕੰਮ ਕਰਦੇ ਸਨ, ਜੋ ਤਰਨ ਤਾਰਨ ਦੇ ਵੱਖ-ਵੱਖ ਇਲਾਕਿਆਂ ਤੋਂ ਇਲਾਵਾ ਜਲੰਧਰ, ਲੁਧਿਆਣਾ ਵਿਖੇ ਸਪਲਾਈ ਕਰਦੇ ਹਨ।ਮੁਲਜ਼ਮ ਦੀ ਨਿਸ਼ਾਨਦੇਹੀ ਉੱਤੇ ਪਿੰਡ ਨਾਰਲੀ ਵਿਖੇ ਸੁਖਦੇਵ ਸਿੰਘ ਦੇ ਝੋਨੇਦੇ ਖੇਤ ਵਿੱਚ ਦੋ ਪੈਪਸੀ ਦੀਆਂ ਬੋਤਲਾਂ ਵਿੱਚ ਦੱਬੀ ਹੋਈ ਹੈਰੋਇਨ ਬਰਾਮਦ ਕੀਤੀ ਗਈ। ਉਨ੍ਹਾਂ ਦੱਸਿਆ ਕਿ ਮੁਲਜ਼ਮ ਕੇਵਲ ਸਿੰਘ ਖਿਲਾਫ ਥਾਣਾ ਖਾਲੜਾ ਵਿਖੇ ਕੇਸ ਦਰਜ ਕਰ ਕੇ ਰਿਮਾਂਡ ਹਾਸਲ ਕਰ ਲਿਆ ਗਿਆ ਹੈ, ਉਸ ਦੇ ਫਰਾਰ ਦੋਵੇਂ ਸਾਥੀਆਂ ਦੀ ਭਾਲ ਸ਼ੁਰੂ ਕਰ ਦਿੱਤੀ ਗਈ ਹੈ।

## ਮੇਲੇ ਵਾਲੇ ਪੰਘੂੜੇ ਵਿੱਚੋਂ ਡਿੱਗ ਕੇ ਸੱਤ ਸਾਲਾ ਬੱਚੇ ਦੀ ਮੌਤ

ਸਾਹਨੇਵਾਲ, 17 ਅਕਤੂਬਰ (ਪੋਸਟ ਬਿਊਰੋ)- ਆਪਣੀ ਮਾਂ ਤੇ ਭੈਣਾਂ ਨਾਲ ਦੁਸ਼ਹਿਰਾ ਮੇਲੇ ਵਿੱਚ ਗਏ ਇੱਕ ਸੱਤ ਸਾਲਾ ਬੱਚੇ ਲਈ ਡਾਂਸ ਵਾਲੇ ਪੰਘੂੜੇ ਵਿੱਚ ਝੂਟੇ ਲੈਣ ਵੇਲੇ ਡਿੱਗ ਕੇ ਮੌਤ ਹੋ ਗਈ। ਪ੍ਰਾਪਤ ਜਾਣਕਾਰੀ ਅਨੁਸਾਰ ਸ਼ਿਮਲਾਪੁਰ ਦੇ ਮੁਹੱਲਾ ਹਰਗੋਬਿੰਦ ਨਗਰ ਦੇ ਮਨਜੀਤ ਸਿੰਘ ਦਾ ਸੱਤ ਸਾਲਾ ਬੱਚਾ ਖੁਸ਼ਪ੍ਰੀਤ ਆਪਣੀ ਮਾਂ ਤੇ ਤਿੰਨ ਭੈਣਾਂ ਨਾਲ ਗਿਆਸਪੁਰਾ ਵਿੱਖੇ ਦੁਸ਼ਹਿਰਾ ਮੇਲਾ ਦੇਖਣ ਗਿਆ ਸੀ, ਜਿੱਥੇ ਡਾਂਸਿੰਗ ਪੰਘੂੜੇ ਵਿੱਚ ਖੁਸ਼ਪ੍ਰੀਤ ਨੇ ਮਾਂ ਤੇ ਭੈਣਾਂ ਦੇ ਨਾਲ ਇੱਕ ਵਾਰ ਝੂਟੇ ਲਏ। ਇਸ ਪਿੱਛੋਂ ਫਿਰ ਉਹ ਪੰਘੂੜੇ ਵਿੱਚ ਝੂਟੇ ਲੈਣ ਦੀ ਜ਼ਿੱਦ ਕਰਨ ਲੱਗਾ ਤਾਂ ਉਸ ਦੀ ਮਾਂ ਨੇ ਆਪਰੇਟਰ ਦੇ ਮਨ੍ਹਾ ਕਰਨ ਦੇ ਬਾਅਦ ਵੀ 15 ਸਾਲਾ ਬੇਟੀ ਦੇ ਨਾਲ ਖੁਸ਼ਪ੍ਰੀਤ ਨੂੰ ਪੰਘੂੜੇ ਵਿੱਚ ਬਿਠਾ ਦਿੱਤਾ ਤੇ ਪਹਿਲੇ ਹੀ ਚੱਕਰ ਵਿੱਚ ਸੰਤੁਲਨ ਵਿਗੜਨ ਕਾਰਨ ਖੁਸ਼ਪ੍ਰੀਤ ਅਤੇ ਉਸ ਦੀ ਭੈਣ ਹੇਠਾਂ ਡਿੱਗ ਗਏ ਜਿਸ ਕਾਰਨ ਖੁਸ਼ਪ੍ਰੀਤ ਦੇ ਸਿਰ ਵਿੱਚ ਗੰਭੀਰ ਸੱਟ ਲੱਗ ਗਈ। ਹਸਪਤਾਲ ਵਿਚ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਕਰਾਰ ਦੇ ਦਿੱਤਾ।

## ਰਿਸ਼ਤੇਦਾਰ ਦੇ ਵਿਆਹ ਚੱਲੇ ਚੰਡੀਗੜ੍ਹ ਦੇ ਜੋੜੇ ਦੀ ਕਾਰ ਅਤੇ ਗਹਿਣੇ ਲੁੱਟੇ

ਅੰਮ੍ਰਿਤਸਰ, 17 ਅਕਤੂਬਰ (ਪੋਸਟ ਬਿਊਰੋ)- ਏਥੇ ਚਾਟੀਵਿੰਡ ਪਿੰਡ ਨੇੜੇ ਕਾਰ ਸਵਾਰ ਪੰਜ ਲੁਟੇਰਿਆਂ ਨੇ ਰਿਸ਼ਤੇਦਾਰ ਦੇ ਵਿਆਹ ਵਿੱਚ ਜਾਂਦੇ ਚੰਡੀਗੜ੍ਹ ਦੇ ਜੋੜੇ ਤੋਂ ਤੇਜ਼ਧਾਰ ਹਥਿਆਰਾਂ ਦੀ ਨੋਕ ਉੱਤੇ ਗਹਿਣੇ ਅਤੇ ਹੋਰ ਸਾਮਾਨ ਲੁੱਟ ਲਿਆ। ਪੁਲਸ ਨੇ ਅਣਪਛਾਤੇ ਲੋਕਾਂ ਖਿਲਾਫ ਲੁੱਟ ਖੋਹ ਦੇ ਦੋਸ਼ ਵਿੱਚ ਕੇਸ ਦਰਜ ਕਰ ਲਿਆ ਹੈ।


ਚੰਡੀਗੜ੍ਹ ਦੇ ਸੈਕਟਰ 42-ਸੀ ਦੇ ਵਾਸੀ ਪਵਨ ਭਾਰਦਵਾਜ਼ ਨੇ ਚਾਟੀਵਿੰਡ ਥਾਣੇ ਦੀ ਪੁਲਸ ਨੂੰ ਦੱਸਿਆ ਕਿ ਉਸ ਦੇ ਪਿਤਾ ਦਵਿੰਦਰ ਭਾਰਦਵਾਜ ਚੰਡੀਗੜ੍ਹ ਪੁਲਸ ਤੋਂ ਰਿਟ-ਾਇਰਡ ਹਨ। ਉਨ੍ਹਾਂ ਦੇ ਰਿਸ਼ਤੇਦਾਰ ਅੰਮ੍ਰਿਤਸਰ ਰਹਿੰਦੇ ਹਨ। ਉਹ ਵੀਰਵਾਰ ਦੇਰ ਰਾਤ ਪਤਨੀ ਜੈਪ੍ਰੀਤ ਕੌਰ ਨਾਲ ਕਾਰ ਵਿੱਚ ਅੰਮ੍ਰਿਤਸਰ ਵਿਚਲੇ ਰਿਸ਼ਤੇਦਾਰ ਦੇ ਵਿਆਹ ਵਿੱਚ ਚੱਲੇ ਸਨ। ਜਦੋਂ ਚਾਟੀਵਿੰਡ ਨੇੜੇ ਪਹੁੰ-ਚੇ ਤਾਂ ਉਨ੍ਹਾਂ ਨੇ ਗੱਡੀ ਰੋਕੀ। ਪਿਸ਼ਾਬ ਕਰਨ ਪਿੱਛੋਂ ਉਹ ਗੱਡੀ ਵਿੱਚ ਬੈਠੇ ਤਾਂ ਇੰਨੇ ਵਿੱਚ ਇੱਕ ਕਾਰ ਉਨ੍ਹਾਂ ਦੀ ਗੱਡੀ ਨੇੜੇ ਆ ਕੇ ਰੁਕੀ। ਉਸ ਵਿੱਚੋਂ ਤੇਜ਼ਧਾਰ ਹਥਿਆਰ ਲੈ ਕੇ ਉਤਰੇ ਦੋ ਨੌਜਵਾਨ ਉਨ੍ਹਾਂ ਦੀ ਗੱਡੀ ਵਿੱਚ ਜਬਰੀ ਸਵਾਰ ਹੋ ਗਏ। ਜਦ ਉਨ੍ਹਾਂ ਨੇ ਵਿਰੋਧ ਕੀਤਾ ਤਾਂ ਲੁਟੇਰਿਆਂ ਨੇ ਤੇਜ਼ਧਾਰ ਦਾਤਰ ਦਿਖਾ ਕੇ ਉਨ੍ਹਾਂ ਨੂੰ ਜਾਨ ਤੋਂ ਮਾਰਨ ਦੀ ਧਮਕੀ ਦਿੱਤੀ। ਇਸ ਪਿੱਛੋਂ ਲੁਟੇਰੇ ਕਾਰ ਵਿੱਚ ਰੱਖਿਆ ਲੈਪਟਾਪ, ਪਰਸ, ਤਿੰਨ ਆਈਫੋਨ, ਪਤਨੀ ਦਾ ਸੋਨੇ ਦਾ ਸੈਟ, ਸੋਨੇ ਦੀ ਚੇਨ, ਪਰਸ ਅਤੇ ਹੋਰ ਸਾਮਾਨ ਲੁੱਟ ਕੇ ਫਰਾਰ ਹੋ ਗਏ । ਲੁਟੇਰਿਆਂ ਨੇ ਉਨ੍ਹਾਂ ਨੂੰ ਕਾਰ ਵਿੱਚੋਂ ਉਤਰਨ ਨੂੰ ਕਿਹਾ ਅਤੇਜਦੋਂ ਉਹ ਦੋਵੇਂ ਬਾਹਰ ਨਿਕਲੇ ਤਾਂ ਲੁਟੇਰੇ ਕਾਰ ਭਜਾ ਕੇ ਲੈ ਗਏ।

## ਕੋਲਾ ਕਾਰੋਬਾਰੀ ਨਾਲ ਗੁਜਰਾਤ ਦੇ ਵਪਾਰੀਆਂ ਵੱਲੋਂ ਦੋ ਵਾਰੀ ਫਰਾਡ

ਜਲੰਧਰ, 17 ਅਕਤੂਬਰ (ਪੋਸਟ ਬਿਊਰੋ)- ਜਲੰਧਰ ਦੇ ਕੋਲਾ ਕਾਰੋਬਾਰੀ ਨਾਲ ਗੁਜਰਾਤ ਦੇ ਵਪਾਰੀਆਂ ਨੇ ਦੋ ਵਾਰ ਪੌਣੇ ਅੱਠ ਲੱਖ ਰੁਪਏ ਦਾ ਫਰਾਡ ਕੀਤਾ ਹੈ। ਤਿੰਨ ਗੁਜਰਾਤੀ ਵਪਾਰੀਆਂ ਦੇ ਖਿਲਾਫ ਥਾਣਾ ਨੰਬਰ ਇੱਕ ਵਿੱਚ ਕੇਸ ਦਰਜ ਕਰ ਲਿਆ ਗਿਆ ਹੈ, ਜਿਸ ਬਾਰੇ ਪੁਲਸ ਅਗਲੀ ਜਾਂਚ ਕਰ ਰਹੀ ਹੈ।

ਇਸ ਸ਼ਹਿਰ ਦੀ ਰੈਡੀਸਨ ਇਨਕਲੇਵ ਵਿੱਚ ਰਹਿੰਦੇ ਗੌਰਵ ਮਲਹੋ-ਤਰਾ ਜਲੰਧਰ ਵਿੱਚ ਕੋਲੇ ਦਾ ਵਪਾਰ ਕਰਦੇ ਹਨ।ਉਨ੍ਹਾ ਨੇ ਪੁਲਸ ਨੂੰ ਦੱਸਿਆ ਕਿ ਉਨ੍ਹਾਂ 28 ਮਾਰਚ 2021 ਨੂੰ ਕੱਛ ਦੀ ਰਾਮਦੇਵ ਇੰਟਰਪ੍ਰਾਈਜ਼ਿਜ਼ ਤੋਂ ਸਟੀਮ ਕੋਲਾ ਖਰੀਦਿਆ ਸੀ, ਜਿਸ ਦੀ ਕੀਮਤ ਤਿੰਨ ਲੱਖ 58 ਹਜ਼ਾਰ 60 ਰੁਪਏ ਸੀ ਅਤੇ ਇਹ ਕੋਲਾ ਤਮੰਨਾ ਟਰਾਂਸਪੋਰਟ ਦੀ ਗੱਡੀ ਤੋਂ ਬੁੱਕ ਹੋਇਆ ਸੀ ਅਤੇ ਇਹ ਗੱਡੀ ਉਨ੍ਹਾਂ ਦੇ ਦਫਤਰ ਅਨਲੋਡ ਹੋਣੀ ਸੀ।ਟਰਾਂਸਪੋਰਟ ਕੰਪਨੀ ਨੇ ਉਨ੍ਹਾਂ ਨੂੰ ਈ-ਵੇਅ ਬਿੱਲ ਵਾਟਸਐਪ ਕੀਤਾ ਸੀ, ਜਿਹੜਾ ਕਿਸੇ ਹੋਰ ਕੰਪਨੀ ਦੇ ਨਾਂਅ ਸੀ। ਜਦੋਂ ਉਨ੍ਹਾਂ ਟਰਾਂਸਪੋਰਟ ਕੰਪਨੀ ਦੇ ਮਾਲਕ ਸੁਰੇਸ਼ ਰਾਣਾਵਤ ਅਤੇ ਹਿਮੇਂਦਰ ਰਾਣਾਵਤ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਉਕਤ ਕੰਪਨੀ ਉਨ੍ਹਾਂ ਦੀ ਸਿਸਟਰ ਕੰਸਰਨ ਹੈ। ਦੋਵਾਂ ਦੀਆਂ ਗੱਲਾਂ ਵਿੱਚ ਆ ਕੇ ਉਨ੍ਹਾਂ ਟਰਾਂਸਪੋਰਟ ਲਈ ਕੁੱਲ 85 ਹਜ਼ਾਰ ਰੁਪਏ ਉਨ੍ਹਾਂ ਦੇ ਬੈਂਕ ਖਾਤੇ ਵਿੱਚ ਟਰਾਂਸਫਰ ਕਰ ਦਿੱਤੇ। ਟਰਾਂਸਪੋਰਟ ਕੰਪਨੀ ਨੇ ਉਨ੍ਹਾਂ ਨੂੰ ਗੱਡੀ ਦਾ ਨੰਬਰ ਅਤੇ ਡਰਾਈਵਰ ਦਾ ਮੋਬਾਈਲ ਨੰਬਰ ਦਿੱਤਾ ਸੀ। ਸਮੇਂ ਉੱਤੇ ਮਾਲ ਨਾ ਪਹੁੰਚਾ ਤਾਂ ਉਨ੍ਹਾਂ ਡਰਾਈਵਰ ਨਾਲ ਗੱਲ ਕੀਤੀ ਤਾਂ ਸ਼ੱਕ ਹੋਇਆ। ਫਿਰ ਉਨ੍ਹਾਂ ਸੁਰੇਸ਼ ਅਤੇ ਹਿਮੇਂਦਰ ਨਾਲ ਗੱਲ ਕੀਤੀ ਤਾਂ ਪਤਾ ਲੱਗਾ ਕਿ ਉਨ੍ਹਾਂ ਦਾ ਮਾਲ ਯੂ ਪੀ ਵਿੱਚ ਵੇਚ ਕੇ ਖੁਰਦ-ਬੁਰਦ ਕਰ ਦਿੱਤਾ ਗਿਆ ਹੈ।ਪਹਿਲਾਂ ਤਾਂ ਤਮੰਨਾ ਐਕਸਪੋਰਟ ਦੇ ਮਾਲਕ ਉਸ ਨੂੰ ਟਾਲਦੇ ਰਹੇ, ਪਰ ਪੁਲਸ ਨੂੰ ਸ਼ਿਕਾਇਤ ਦੇਣ ਦੀ ਗੱਲ ਕਰਨ ਉੱਤੇ ਉਨ੍ਹਾਂ ਗੌਰਵ ਨੂੰ ਭਰੋਸਾ ਦਿੱਤਾ ਕਿ ਉਹ ਆਪਣੇ ਇੱਕ ਹੋਰ ਜਾਣਕਾਰ ਤੋਂ ਕੋਲਾ ਦਿਵਾ ਦਿੰਦੇ ਹਨ। ਸੁਰੇਸ਼ ਅਤੇ ਹਿਮੇਂਦਰ ਨੇ ਸੰਤੋਸ਼ੀ ਇੰਟਰਪ੍ਰਾਈਜ਼ਿਜ਼ ਦੇ ਮਾਲਕ ਖੇਤਾ ਭਾਈ ਨਾਲ ਉਨ੍ਹਾਂ ਦਾ ਸੰਪਰਕ ਕਰਾਇਆ। ਗੌਰਵ ਨੇ ਉਸ ਤੋਂ ਤਿੰਨ ਲੱਖ ਤੀਹ ਹਜ਼ਾਰ 769 ਰੁਪਏ ਦਾ ਸਟੀਮ ਕੋਲਾ ਖਰੀਦਿਆ। ਤਮੰਨਾ ਟਰਾਂਸਪੋਰਟ ਦੇ ਮਾਲਕਾਂ ਨੇ ਗੌਰਵ ਨੂੰ ਭਰੋਸਾ ਦਿੱਤਾ ਕਿ ਉਸ ਨੇ ਖੇਤਾ ਭਾਈ ਨੂੰ ਦੋ ਲੱਖ ਨੱਬੇ ਹਜ਼ਾਰ ਰੁਪਏ ਦੇਣੇ ਹਨ, ਬਾਕੀ ਦਾ ਹਿਸਾਬ ਉਹ ਖੁਦ ਉਸ ਨਾਲ ਕਰ ਲੈਣਗੇ। ਗੌਰਵ ਫਿਰ ਉਨ੍ਹਾਂ ਦੀਆਂ ਗੱਲਾਂ ਵਿੱਚ ਆ ਗਿਆ। ਉਸ ਨੇ ਦੋ ਲੱਖ ਨੱਬੇ ਹਜ਼ਾਰ ਰੁਪਏ ਖੇਤਾ ਭਾਈ ਦੇ ਖਾਤੇ ਵਿੱਚ ਟਰਾਂਸਫਰ ਕਰ ਦਿੱਤੇ। ਪੈਸੇ ਮਿਲਣ ਪਿੱਛੋਂ ਫਿਰ ਉਨ੍ਹਾਂ ਨੂੰ ਈ-ਵੇਅ ਬਿੱਲ ਭੇਜੇ ਗਏ, ਪਰ ਕਾਫੀ ਦਿਨ ਬੀਤਣ ਪਿੱਛੋਂ ਵੀ ਮਾਲ ਨਾ ਆਇਆ ਤਾਂ ਗੌਰਵ ਮਲਹੋਤਰਾ ਨੇ ਫੋਨ ਕੀਤਾ ਤਾਂ ਗੁਜਰਾਤ ’ਚ ਲਾਕਡਾਊਨ ਦਾ ਬਹਾਨਾ ਲਾ ਕੇ ਉਨ੍ਹਾਂ ਟਾਲਣਾ ਸ਼ੁਰੂ ਕਰ ਦਿੱਤਾ। ਇਸ ਬਾਰੇ ਗੌਰਵ ਨੇ ਪੁਲਸ ਨੂੰ ਸ਼ਿਕਾਇਤ ਦਿੱਤੀ ਤਾਂ ਤਮੰਨਾ ਟਰਾਂਸਪੋਰਟ ਅਤੇ ਸੰਤੋਸ਼ੀ ਇੰਟਰਪ੍ਰਾਈਜ਼ਿਜ਼ ਦੇ ਮਾਲਕਾਂ ਖਿਲਾਫ ਵੱਖ-ਵੱਖ ਧਾਰਾਵਾਂ ਅਧੀਨ ਥਾਣਾ ਨੰਬਰ ਇੱਕ ਵਿੱਚ ਧੋਖਾਧੜੀ ਦਾ ਕੇਸ ਦਰਜ ਕਰ ਲਿਆ ਗਿਆ।



ਸ਼ਰਦ ਪਵਾਰ ਨੇ ਕਿਹਾ:

# ਪੰਜਾਬ ਦੇ ਕਿਸਾਨਾਂ ਨੂੰ ਪ੍ਰੇਸ਼ਾਨ ਕਰਨ ਦਾ ਖਮਿਆਜ਼ਾ ਦੇਸ਼ ਭੁਗਤ ਚੁੱਕੈ



ਮੁੰਬਈ, 17 ਅਕਤੂਬਰ (ਪੋਸਟ ਬਿਊਰੋ)- ਰਾਸ਼ਟਰਵਾਦੀ ਕਾਂਗਰਸ ਪਾਰਟੀ (ਐੱਨ ਸੀ ਪੀ) ਦੇ ਰਾਸ਼ਟਰੀ ਪ੍ਰਧਾਨ ਅਤੇ ਭਾਰਤ ਦੇ ਸਾਬਕਾ ਰੱਖਿਆ ਮੰਤਰੀ ਸ਼ਰਦ ਪਵਾਰ ਨੇ ਕਿਹਾ ਹੈ ਕਿ ਦੇਸ਼ ਪੰਜਾਬ ਦੇ ਕਿਸਾਨਾਂ ਨੂੰ ਪਰੇਸ਼ਾਨ ਕਰਨ ਦਾ ਖਮਿਆਜ਼ਾ ਭੁਗਤ ਚੁੱਕਾ ਹੈ। ਉਨ੍ਹਾਂ ਕਿਹਾ ਕਿ ਉਹ ਸੀਮਾ ਸੁਰੱਖਿਆ ਬਲ (ਬੀ ਐਸ ਐਫ) ਦਾ ਅਧਿਕਾਰ ਖੇਤਰ ਵਧਾਉਣ ਦੇ ਮੁੱਦੇ ਉੱਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਵਿਚਾਰ ਜਾਨਣ ਲਈ ਉਨ੍ਹਾਂ ਨਾਲ ਮੁਲਾਕਾਤ ਕਰਨਗੇ।

ਪੁਣੇ ਦੇ ਪਿੰਪਰੀ-ਚਿੰਚਵਾੜ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਪਵਾਰ ਨੇ ਕਿਹਾ ਕਿ ਕੇਂਦਰ ਸਰਕਾਰ ਨੂੰ ਨਵੇਂ ਖੇਤੀ ਕਾਨੂੰਨਾਂ ਖਿਲਾਫ ਚੱਲ ਰਹੇ ਅੰਦੋਲਨ ਨੂੰ ਸੰਵੇਦਨਸ਼ੀਲ ਤਰੀਕੇ ਨਾਲ ਨਿਬੇੜਨ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ ਅਤੇ ਸਰਕਾਰ ਨੂੰ ਇਸ ਉੱਤੇ ਗੌਰ ਕਰਨਾ ਚਾਹੀਦਾ ਹੈ ਕਿ ਬਹੁਤੇ ਪ੍ਰਦਰਸ਼ਨਕਾਰੀ ਸਰਹੱਦੀ ਸੂਬੇ ਪੰਜਾਬ ਦੇ ਹਨ। ਦੇਸ਼ ਪਹਿਲਾਂ ਹੀ ਕਿਸਾਨਾਂ ਨੂੰ ਪ੍ਰੇਸ਼ਾਨ ਕਰਨ ਦਾ ਖਮਿਆਜ਼ਾ ਭੁਗਤ ਚੁੱਕਾ ਹੈ। ਖਾਲਿਸਤਾਨੀ ਅੰਦੋਲਨ ਦੌਰਾਨ ਸਾਬਕਾ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ ਹੱਤਿਆ ਦਾ ਜ਼ਿਕਰ ਕਰਦੇ ਹੋਏ ਸ਼ਰਦ ਪਵਾਰ ਨੇ ਕਿਹਾ ਕਿ ਇਸ ਬਾਰੇ ਬਹੁਤ ਸਾਵਧਾਨੀ ਦੀ ਜ਼ਰੂਰਤ ਹੈ। ਵਰਨਣ ਯੋਗ ਹੈ ਕਿ ਪਿਛਲੇ ਦਿਨੀਂ ਕੇਂਦਰ ਸਰਕਾਰ ਨੇ ਪੰਜਾਬ, ਬੰਗਾਲ ਅਤੇ ਅਸਾਮ ਵਰਗੇ ਸਰਹੱਦੀ ਰਾਜਾਂ ਵਿੱਚ ਬੀ ਐਸ ਐਫ ਦਾ ਦਾਇਰਾ ਕੌਮਾਂਤਰੀ ਸਰਹੱਦ ਤੋਂ ਪੰਜਾਹ ਕਿਲੋਮੀਟਰ ਅੰਦਰ ਤਕ ਕਰ ਦਿੱਤਾ ਹੈ। ਇਸ ਨਾਲ ਬੀ ਐਸ ਐਫ ਨੂੰ ਪੰਜਾਹ ਕਿਲੋਮੀਟਰ ਤਕ ਤਲਾਸ਼ੀ ਲੈਣ ਅਤੇ ਗ੍ਰਿਫਤਾਰ ਕਰਨ ਲਈ ਸੂਬੇ ਜਾਂ ਕੇਂਦਰ ਸਰਕਾਰ ਦੀ ਮਨਜ਼ੂਰੀ ਦੀ ਜ਼ਰੂਰਤ ਨਹੀਂ ਹੋਵੇਗੀ। ਪਹਿਲਾਂ ਇਹ ਹੱਦ 15 ਕਿਲੋਮੀਟਰ ਸੀ। ਕੇਂਦਰ ਸਰਕਾਰ ਨੇ ਕਿਹਾ ਹੈ ਕਿ ਇਹ ਪਰਿਵਰਤਨ ਅੱਤਵਾਦ ਅਤੇ ਸਰਹੱਦ ਪਾਰੋਂ ਹੁੰਦੇ ਅਪਰਾਧ ਉੱਤੇ ਕੰਟਰੋਲ ਲਈ ਕੀਤਾ ਹੈ। ਮਹਾਰਾਸ਼ਟਰ ਕਿਸੇ ਅੰਤਰਰਾਸ਼ਟਰੀ ਸੀਮਾ ਨਾਲ ਨਹੀਂ ਜੁੜਦਾ, ਪ੍ਰੰਤੂ ਮੰਨਿਆ ਜਾ ਰਿਹਾ ਹੈ ਕਿ ਬੰਗਾਲ ਅਤੇ ਪੰਜਾਬ ਵਰਗੇ ਗੈਰ ਭਾਜਪਾ ਸ਼ਾਸਤ ਰਾਜਾਂ ਦੇ ਨਾਲ ਏਕਤਾ ਦਿਖਾਉਣ ਲਈ ਸ਼ਰਦ ਪਵਾਰ ਇਸ ਮੁੱਦੇ ਉੱਤੇ ਅਮਿਤ ਸ਼ਾਹ ਨਾਲ ਮੁਲਾਕਾਤ ਦੀ ਯੋਜਨਾ ਬਣਾ ਰਹੇ ਹਨ।

# ਦੁਨੀਆ ਦੇ ਤੀਹ ਫੀਸਦੀ ਘਰਾਂ ਵਿੱਚ ਹੱਥ ਧੋਣ ਦੀ ਸਹੂਲਤ ਨਹੀਂ: ਯੂਨੀਸੇਫ



ਜਨੇਵਾ, 17 ਅਕਤੂਬਰ (ਪੋਸਟ ਬਿਊਰੋ)- ਯੂਨੀਸੇਫ ਨੇ ਕਿਹਾ ਕਿ ਗਲੋਬਲ ਪੱਧਰ ਉੱਤੇਤੀਹ ਫੀਸਦੀ ਲੋਕਾਂ ਕੋਲ ਘਰਾਂ ਵਿੱਚ ਹੱਥ ਧੋਣ ਦੀ ਬੇਸਿਕ ਸਹੂਲਤ ਵੀ ਨਹੀਂ ਹੈ। 230 ਅਰਬ ਲੋਕਾਂ ਕੋਲ ਹੱਥ ਧੋਣ ਲਈ ਪਾਣੀ ਤੇ ਸਾਬਣ ਨਹੀਂ ਅਤੇ ਵਿਕਸਿਤ ਦੇਸ਼ਾਂ ਵਿੱਚਸਥਿਤੀ ਸਭ ਤੋਂ ਖਰਾਬ ਹੈ, ਜਿੱਥੇ ਸੱਠ ਫੀਸਦੀ ਲੋਕ ਬੇਸਿਕ ਸਹੂਲਤ ਤੋਂ ਵਾਂਝੇ ਹਨ।

ਯੂ ਐੱਨ ਓ ਦੀ ਇਸ ਏਜੰਸੀ ਨੇ ਗਲੋਬਲ ਹੈਂਡਵਾਸ਼ਿੰਗ ਡੇ ਉੱਤੇ ਦੱਸਿਆ ਕਿ ਦੁਨੀਆ ਦੇਚਾਲੀ ਫੀਸਦੀ ਸਕੂਲਾਂ ਵਿੱਚ ਪਾਣੀ ਅਤੇ ਸਾਬਣ ਨਾਲ ਬੁਨਿਆਦੀ ਸਫਾਈ ਦੇ ਪ੍ਰਬੰਧ ਨਹੀਂ, ਜਿਸ ਨਾਲ 81.8 ਕਰੋੜ ਵਿਦਿਆਰਥੀ ਪ੍ਰਭਾਵਤ ਹੁੰਦੇ ਹਨ। ਇਹੀ ਨਹੀਂ, ਸੱਤਰ ਫੀਸਦੀ ਸਕੂਲਾਂ ਵਿੱਚ ਬੱਚਿਆਂ ਲਈ ਹੱਥ ਧੋਣ ਦੀ ਕੋਈ ਸਹੂਲਤ ਨਹੀਂ। ਦੁਨੀਆ ਵਿੱਚ ਇੱਕ ਤਿਹਾਈ ਸਿਹਤ ਦੇਖਭਾਲ ਸਹੂਲਤਾਂ ਵਿੱਚ ਹੱਥ ਦੀ ਸਫਾਈ ਦੀ ਸਹੂਲਤ ਨਹੀਂ, ਜਿੱਥੇ ਰੋਗੀ ਰੋਜ਼ ਸਿਹਤ ਦੇਖਭਾਲ ਵਰਕਰਾਂ ਦੇ ਸੰਪਰਕ ਵਿੱਚ ਆਉਂਦਾ ਹੈ। 2030 ਤਕ ਦੁਨੀਆ ਦੇ ਸਭ ਤੋਂ ਘੱਟ ਵਿਕਸਤ ਦੇਸ਼ਾਂ ਵਿੱਚੋਂ 46 ਵਿੱਚ ਸਾਰੇ ਘਰਾਂ ਵਿੱਚ ਹੱਥ ਦੀ ਸਫਾਈ ਦਾ ਪ੍ਰਬੰਧ ਦੀ ਲਾਗਤ ਅੰਦਾਜਨ 11 ਅਰਬ ਡਾਲਰ ਹੈ।ਯੂਨੀਸੇਫ ਦੇ ਉਪ ਕਾਰਜਕਾਰੀ ਡਾਇਰੈਕਟਰ ਉਮਰ ਆਬਦੀ ਨੇ ਚਿਤਾਵਨੀ ਦਿੱਤੀ ਕਿ ਜਦੋਂ ਤਕ ਫੌਰੀ ਸਹਾਇਤਾ ਪ੍ਰਦਾਨ ਨਹੀਂ ਕੀਤੀ ਜਾਂਦੀ, ਘੱਟ ਤੋਂ ਘੱਟ 10 ਲੱਖ ਅਫਗਾਨ ਬੱਚੇ ਗੰਭੀਰ ਕੁਪੋਸ਼ਣ ਦਾ ਸ਼ਿਕਾਰ ਹੋ ਸਕਦੇ ਹਨ ਅਤੇ ਇੱਥੋਂ ਤਕ ਕਿ ਉਨ੍ਹਾਂ ਬੱਚਿਆਂ ਨੂੰ ਮੌਤ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਉਨ੍ਹਾਂ ਕਿਹਾ ਕਿ ਪਾਣੀ ਦੀ ਕਮੀ, ਬੇਯਕੀਨੀ ਸੁਰੱਖਿਆ ਵਾਤਾਵਰਣ, ਲਗਾਤਾਰ ਉਜਾੜੇ, ਕੋਵਿਡ-19 ਮਹਾਮਾਰੀ ਵਿਚਾਲੇ ਮਨੁੱਖੀ ਲੋੜਾਂ ਵਿੱਚ ਵਾਧਾ ਹੋਵੇਗਾ।

# ਇੱਕ ਸਾਲ ਪਹਿਲਾਂ ਮਰਿਆ ਆਗੂ ਤਾਲਿਬਾਨ ਨੇ ਪ੍ਰਧਾਨ ਮੰਤਰੀ ਬਣਾ ਦਿੱਤਾ

* ਸਾਲ 2020 ਵਿੱਚ ਆਤਘਾਤੀ ਹਮਲੇ ਵਿੱਚਮਰ ਗਿਆ ਸੀ ਅਖੁੰਦਜ਼ਾਦਾ



ਕਾਬੁਲ, 17 ਅਕਤੂਬਰ (ਪੋਸਟ ਬਿਊਰੋ)- ਪਾਕਿਸਤਾਨੀ ਫੌਜ ਤੇ ਖੁਫੀਆ ਏਜੰਸੀ ਆਈ ਐਸ ਆਈ ਦੀ ਮਦਦ ਤੇ ਹਥਿਆਰਾਂ ਨਾਲ 20 ਸਾਲ ਬਾਅਦ ਅਫਗਾਨਿਸਤਾਨ ਵਿੱਚ ਦੋਬਾਰਾ ਕਾਬਜ਼ ਹੋਏ ਤਾਲਿਬਾਨ ਨੇ ਇਸਲਾਮਕ ਅਮੀਰਾਤ ਆਫ ਅਫਗਾਨਿਸਤਾਨ ਦੇ ਬਣਾਏ ਪ੍ਰਧਾਨ ਮੰਤਰੀ ਹੈਬਤੁੱਲਾ ਅਖੁੰਦਜ਼ਾਦਾ ਬਾਰੇ ਤਾਲਿਬਾਨੀ ਸੀਨੀਅਰ ਨੇਤਾ ਨੇ ਇੱਕ ਵੱਡਾ ਖੁਲਾਸਾ ਕੀਤਾ ਸੀ। ਤਾਲਿਬਾਨ ਨੇਤਾ ਅਤੇ ਅਮੀਰ-ਅਲ-ਮੋਮਨੀਨ ਨੇ ਇੱਕ ਵਿਦੇਸ਼ੀ ਚੈਨਲ ਨੂੰ ਦਿੱਤੀ ਇੰਟਰਵਿਊ ਵਿੱਚ ਦੱਸਿਆ ਕਿ ਤਾਲਿਬਾਨ ਦਾ ਸੁਪਰੀਮ ਲੀਡਰ ਅਤੇ ਨਵ-ਨਿਯੁਕਤ ਅਮੀਰ (ਪ੍ਰਧਾਨ ਮੰਤਰੀ) ਹੈਬਤੁੱਲਾ ਅਖੁੰਦਜ਼ਾਦਾ ਸਾਲ 2020 ਵਿੱਚ ਪਾਕਿ ਵਿੱਚ ਹੋਏ ਇੱਕ ਆਤਮਘਾਤੀ ਹਮਲੇ ਵਿੱਚ ਮਾਰਿਆ ਗਿਆ ਸੀ।

ਵਰਨਣ ਯੋਗ ਹੈ ਕਿ ਇਸਲਾਮਿਕ ਅਮੀਰਾਤ ਆਫ ਅਫਗਾਨਿਸਤਾਨ ਦਾ ਪ੍ਰਧਾਨ ਮੰਤਰੀ ਬਣਾਏ ਜਾਣ ਦੇ ਬਾਅਦ ਅਖੁੰਦਜ਼ਾਦਾ ਕਦੇ ਵੀ ਸਾਹਮਣੇ ਨਹੀਂ ਆਏ ਅਤੇ ਬੀਤੇ ਦੋ ਮਹੀਨਿਆਂ ਤੋਂ ਉਨ੍ਹਾਂ ਦੇ ਮਾਰੇ ਜਾਣ ਜਾਂ ਕਿਸੇ ਅਣਦੱਸੇ ਟਿਕਾਣੇ ਉੱਤੇ ਹਿਰਾਸਤ ਵਿੱਚ ਰੱਖੇ ਜਾਣ ਦੀਆਂ ਅਟਕਲਾਂ ਕੌਮਾਂਤਰੀ ਪੱਧਰ ਉੱਤੇ ਲਗਾਤਾਰ ਲੱਗ ਰਹੀਆਂ ਸਨ। ਇਸ ਦੇ ਉਲਟ ਤਾਲਿਬਾਨ ਲੀਡਰਸ਼ਿਪ ਇਹ ਇਹ ਦਾਅਵਾ ਕਰਦੀ ਰਹੀ ਸੀ ਕਿ ਅਖੁੰਦਜ਼ਾਦਾ ਜਲਦੀ ਹੀ ਸਾਹਮਣੇ ਆਉਣਗੇ, ਜਦ ਕਿ ਖੁਦ ਤਾਲਿਬਾਨ ਨੇ ਸੁਪਰੀਮ ਲੀਡਰ ਨੇ ਪਰਸੋਂ ਅਖੁੰਦਜ਼ਾਦਾ ਦੀ ਮੌਤ ਦੀ ਪੁਸ਼ਟੀ ਕਰ ਦਿੱਤੀ ਹੈ। ਦੱਸਿਆ ਜਾ ਰਿਹਾ ਹੈ ਕਿ ਸਾਲ 2016 ਵਿੱਚ ਅਮਰੀਕਾ ਦੇ ਇੱਕ ਡਰੋਨ ਹਮਲੇ ਵਿੱਚ ਤਾਲਿਬਾਨ ਦੇ ਮੁਖੀ ਅਖਤਰ ਮਨਸੂਰ ਦੇ ਮਾਰੇ ਜਾਣ ਮਗਰੋਂ ਹੈਬਤੁੱਲਾ ਅਖੁੰਦਜ਼ਾਦਾ ਨੂੰ ਉਸ ਦੀ ਥਾਂ ਜ਼ਿੰਮੇਵਾਰੀ ਸੌਂਪੀ ਗਈ ਸੀ। ਅਖੁੰਦਜ਼ਾਦਾ ਕੰਧਾਰ ਦੇ ਕੱਟੜ ਧਾਰਮਿਕ ਨੇਤਾ ਸਨ ਅਤੇ ਲੋਕ ਉਨ੍ਹਾਂ ਨੂੰ ਫੌਜੀ ਕਮਾਂਡਰ ਨਾਲੋਂ ਕੱਟੜ ਧਾਰਮਿਕ ਨੇਤਾ ਵਜੋਂ ਵੱਧ ਜਾਣਦੇ ਸਨ। ਇਸਲਾਮਕ ਸਜ਼ਾਵਾਂ ਦਾ ਮੁੱਢ ਉਨ੍ਹਾਂ ਨੇ ਬੰਨ੍ਹਿਆ ਸੀ, ਜਿਸ ਦੇ ਤਹਿਤ ਉਹ ਕਤਲ ਜਾਂ ਚੋਰੀ ਕਰਨ ਵਾਲਿਆਂ ਨੂੰ ਮੌਤ ਦੀ ਸਜ਼ਾ ਸੁਣਾਉਂਦੇ ਸਨ।

## ਗਵਾਹਾਂ ਦੇ ਬਿਆਨਾਂ ਵਿੱਚ ਦੇਰੀ ਨਾਲ ਗਵਾਹੀ ਰੱਦ ਨਹੀਂ ਹੋ ਸਕਦੀ: ਸੁਪਰੀਮ ਕੋਰਟ



ਨਵੀਂ ਦਿੱਲੀ, 17 ਅਕਤੂਬਰ (ਪੋਸਟ ਬਿਊਰੋ)- ਸੁਪਰੀਮ ਕੋਰਟ ਨੇ ਇੱਕ ਕਤਲ ਕੇਸ ਵਿੱਚ ਚਾਰ ਜਣਿਆਂ ਉੱਤੇ ਲੱਗੇ ਦੋਸ਼ਾਂ ਨੂੰ ਚੁਣੌਤੀ ਦੇਣ ਵਾਲੀ ਉਨ੍ਹਾਂ ਦੀ ਅਪੀਲ ਨੂੰ ਰੱਦ ਕਰਦਿਆਂ ਕਿਹਾ ਕਿ ਕੇਵਲ ਪ੍ਰਤੱਖਦਰਸ਼ੀਆਂ ਦੇ ਬਿਆਨ ਦਰਜ ਕਰਨ ਵਿੱਚ ਦੇਰੀ ਕਾਰਨ ਉਨ੍ਹਾਂ ਦੀ ਗਵਾਹੀ ਰੱਦ ਨਹੀਂ ਕੀਤੀ ਜਾ ਸਕਦੀ।

ਜਸਟਿਸ ਐਸ ਰਵਿੰਦਰ ਭੱਟ ਅਤੇ ਜਸਟਿਸ ਬੇਲਾ ਐਮ ਤ੍ਰਿਵੇਦੀ ਦੀ ਬੈਂਚ ਨੇ ਕਿਹਾ ਕਿ ਮੌਜੂਦ ਸਮੱਗਰੀ ਯਕੀਨੀ ਤੌਰ ਉੱਤੇ ਇਹ ਗੱਲ ਸਾਬਤ ਕਰਦੀ ਹੈ ਕਿ ਦੋਸ਼ੀਆਂ ਨੇ ਡਰ ਪੈਦਾ ਕੀਤਾ ਹੈ। ਬੈਂਚ ਨੇ ਕਿਹਾ ਕਿ ਇਹ ਸੱਚ ਹੈ ਕਿ ਪ੍ਰਤੱਖਦਰਸ਼ੀਆਂ ਦੇ ਬਿਆਨ ਦਰਜ ਕਰਨ ਵਿੱਚ ਦੇਰੀ ਹੋਈ ਹੈ, ਪਰ ਕੇਵਲ ਏਨੀ ਗੱਲ ਉੱਤੇ ਉਨ੍ਹਾਂ ਦੀ ਗਵਾਹੀ ਰੱਦ ਨਹੀਂ ਹੋਸਕਦਾ। ਅਦਾਲਤ ਨੇ ਕਿਹਾ ਕਿ ਜੇ ਗਵਾਹ ਡਰੇ ਹੋਏ ਸਨ ਤੇ ਕੁਝ ਸਮਾਂ ਉਹ ਸਾਹਮਣੇ ਨਹੀਂ ਆਏ ਤਾਂ ਇਸ ਨਾਲ ਉਨ੍ਹਾਂ ਦੇ ਬਿਆਨ ਦਰਜ ਕਰਨ ਵਿੱਚ ਹੋਈ ਦੇਰੀ ਨੂੰ ਸਮਝਿਆ ਜਾ ਸਕਦਾ ਹੈ। ਸੁਪਰੀਮ ਕੋਰਟ ਚਾਰ ਦੋਸ਼ੀਆਂ ਦੀ ਅਪੀਲ ਉੱਤੇ ਸੁਣਵਾਈ ਕਰ ਰਹੀ ਸੀ, ਜਿਸ ਵਿੱਚ ਉਨ੍ਹਾਂ ਕਲਕੱਤਾ ਹਾਈ ਕੋਰਟ ਦੇ ਉਨ੍ਹਾਂ ਦੀਆਂ ਅਪੀਲਾਂ ਨੂੰ ਖਾਰਜ ਕਰਨ ਅਤੇ ਸੈਸ਼ਨ ਅਦਾਲਤ ਵੱਲੋਂ ਸੁਣਾਈ ਸਜ਼ਾ ਦੀ ਪੁਸ਼ਟੀ ਕਰਨ ਦੇ ਫੈਸਲੇ ਨੂੰ ਚੁਣੌਤੀ ਦਿੱਤੀ ਸੀ।

# ਮੋਬਾਈਲ ਤੇ ਲੈਪਟਾਪ ਦੇ ਇੰਪੋਰਟਰ ਉੱਤੇ ਇਨਕਮ ਟੈਕਸ ਵਿਭਾਗ ਦੇ ਛਾਪੇ

*2000 ਕਰੋੜ ਰੁਪਏ ਦੀ ਇੰਪੋਰਟ ਉਤੇ ਟੈਕਸ ਚੋਰੀ



ਨਵੀਂ ਦਿੱਲੀ, 17 ਅਕਤੂਬਰ (ਪੋਸਟ ਬਿਊਰੋ)- ਇਨਕਮ ਟੈਕਸ ਵਿਭਾਗ ਨੇ ਲੈਪਟਾਪ, ਮੋਬਾਈਲ ਫੋਨ ਅਤੇ ਉਨ੍ਹਾਂ ਉੱਤੇਪੁਰਜ਼ਿਆਂ ਦੇ ਇੱਕ ਇੰਪੋਰਟਰ ਉੱਤੇਕੱਲ੍ਹ ਛਾਪੇ ਮਾਰੇ, ਜਿਸ ਦੌਰਾਨ 2000 ਕਰੋੜ ਰੁਪਏ ਦੀਆਂ ਵਸਤਾਂ ਦੀ ਇੰਪੋਰਟ ਉੱਤੇ ਟੈਕਸ ਚੋਰੀ ਦਾ ਪਤਾ ਲੱਗਾ ਹੈ। ਦੋ ਕਰੋੜ 75 ਲੱਖ ਰੁਪਏ ਦੀ ਨਕਦੀ ਵੀ ਜ਼ਬਤ ਕੀਤੀ ਗਈ ਹੈ।

ਵਿਭਾਗ ਵੱਲੋਂ ਜਾਰੀ ਬਿਆਨ ਮੁਤਾਬਕ ਦੇਸ਼ ਦੀ ਰਾਜਧਾਨੀ ਦੇ ਖੇਤਰ, ਹਰਿਆਣਾ ਅਤੇ ਪੱਛਮੀ ਬੰਗਾਲ ਵਿੱਚ ਫੈਲੇ ਨੈਟਵਰਕ ਵਿਰੁੱਧ ਇਹ ਤਲਾਸ਼ੀ ਸ਼ੁਰੂ ਕੀਤੀ ਗਈ ਸੀ। ਇਸ ਦੌਰਾਨ ਕਈ ਇਤਰਾਜ਼ਯੋਗ ਦਸਤਾਵੇਜ਼, ਡਾਇਰੀਆਂ ਅਤੇ ਡਿਜੀਟਲ ਸਬੂਤ ਮਿਲੇ ਤਾਂ ਪਤਾ ਲੱਗਾ ਕਿ ਇਹ ਗਰੁੱਪ ਵੱਡੇ ਪੱਧਰ ਉੱਤੇ ਅੰਡਰ ਐਨਵਾਇਸਿੰਗ ਤੇ ਉਸ ਰਾਹੀਂ ਇੰਪੋਰਟ ਕੀਤੇ ਸਾਮਾਨ ਦੀ ਗਲਤ ਜਾਣਕਾਰੀ ਦੇਂਦਾ ਰਿਹਾ ਹੈ। ਤਲਾਸ਼ੀਆਂ ਦੌਰਾਨ ਸ਼ੱਕੀ ਲੈਣ-ਦੇਣ, ਜਾਇਦਾਦਾਂ ਵਿੱਚ ਬੇਹਿਸਾਬਾ ਨਿਵੇਸ਼, ਫਰਜ਼ੀ ਕਰਜ਼ੇ ਆਦਿ ਵੱਡੀ ਗਿਣਤੀ ਵਿੱਚ ਸਬੂਤ ਮਿਲੇ ਹਨ। ਇਸ ਵਪਾਰ ਵਿੱਚ ਕਸਟਮ ਡਿਊਟੀ ਤੋਂ ਬਚਣ ਲਈ ਘੱਟ ਕੀਮਤ ਵਾਲੇ ਅਤੇ ਇੰਪੋਰਟ ਸਾਮਾਨ ਦੇ ਵੇਰਵੇ ਦੀ ਗਲਤ ਜਾਣਕਾਰੀ ਦੇ ਨਾਲ ਕਈ ਸ਼ੈਲਅਦਾਰਿਆਂ ਦੇ ਨਾਂਅ ਉੱਤੇ ਸਾਮਾਨ ਦੀ ਇੰਪੋਰਟ ਕੀਤੀ ਗਈ ਹੈ। ਬੰਦਰਗਾਹਾਂ ਉੱਤੇ ਪ੍ਰਵਾਨਗੀ ਮਿਲਣ ਉੱਤੇ ਅਜਿਹੇ ਸਾਮਾਨ ਨੂੰ ਆਊਟ ਆਫ ਬੁੱਕ ਭਾਵ ਨਕਦ ਲੈਣ-ਦੇਣ ਰਾਹੀਂ ਪੂਰੇ ਭਾਰਤ ਵਿੱਚ ਵੰਡਿਆ ਗਿਆ ਹੈ।

## ਕਰਨਾਟਕ ਵਿੱਚ ਚਰਚ ਅਤੇ ਪਾਦਰੀਆਂ ਦਾ ਸਰਵੇ ਹੋਣ ਲੱਗਾ

ਬੰਗਲੌਰ, 17 ਅਕਤੂਬਰ (ਪੋਸਟ ਬਿਊਰੋ)- ਕਰਨਾਟਕ ਵਿੱਚ ਪਛੜਾ ਵਰਗ ਤੇ ਘੱਟ ਗਿਣਤੀ ਭਲਾਈ ਸਬੰਧੀ ਵਿਧਾਨਕ ਕਮੇਟੀ ਨੇ ਜ਼ਬਰਦਸਤੀ ਧਰਮ ਪਰਿਵਰਤਨ ਦੀਆਂ ਸ਼ਿਕਾਇਤਾਂ ਉੱਤੇ ਅਧਿਕਾਰਤ ਅਤੇ ਗੈਰ ਅਧਿਕਾਰਤ ਚਰਚ ਤੇ ਉਨ੍ਹਾਂ ਦੇ ਪਾਦਰੀਆਂ ਦਾ ਸਰਵੇ ਕਰਨ ਦੇ ਲਈ ਬਾਕਾਇਦਾ ਹੁਕਮ ਜਾਰੀ ਕਰ ਦਿੱਤਾ ਹੈ।

ਇਸ ਕਮੇਟੀ ਦੇ ਇੱਕ ਮੈਂਬਰ ਗੁਲੀਹੱਟੀ ਸ਼ੇਖਰ ਨੇ ਕਿਹਾ ਕਿ ਅਸੀਂ ਜ਼ਿਲ੍ਹਾ ਅਧਿਕਾਰੀਆਂ ਨੂੰ ਅਧਿਕਾਰਤ ਤੇ ਗੈਰ ਅਧਿਕਾਰਤ ਚਰਚਾਂ ਤੇ ਪਾਦਰੀਆਂ ਦੀ ਗਿਣਤੀ ਦੀ ਵਿਸਥਾਰਤ ਰਿਪੋਰਟ ਦੇਣ ਲਈ ਕਿਹਾ ਹੈ। ਹੋਸਾਦੁਰਗਾ ਦੇ ਭਾਜਪਾ ਵਿਧਾਇਕ ਸ਼ੇਖਰ ਨੇ ਬੁੱਧਵਾਰ ਨੂੰ ਕਮੇਟੀ ਦੇ ਪ੍ਰਧਾਨ ਦਿਨਕਰ ਕੇਸ਼ਵ ਸ਼ੈਟੀ ਦੀ ਗੈਰ ਹਾਜ਼ਰੀ ਵਿੱਚ ਬੈਠਕ ਦੀ ਅਗਵਾਈ ਕੀਤੀ ਸੀ।ਜ਼ਿਲ੍ਹਾ ਅਧਿਕਾਰੀਆਂ, ਖਾਸ ਤੌਰ ਉੱਤੇ ਯਾਦਗੀਰ, ਚਿਦਰਦਰਗ ਤੇ ਵਿਜੈਪੁਰਾ ਜ਼ਿਲਾ ਅਧਿਕਾਰੀਆਂ ਨੂੰ ਇਹ ਹੁਕਮ ਦਿੱਤਾ ਗਿਆ ਸੀ, ਜਿੱਥੇ ਵੱਡੇ ਪੱਧਰ ਉੱਤੇ ਧਰਮ ਪਰਿਵਰਤਨ ਹੁੰਦਾ ਹੈ। ਭਾਜਪਾ ਵਿਧਾਇਕ ਨੇ ਕਿਹਾ ਕਿ ਅਸੀਂ ਪੁਲਸ ਨੂੰ ਸਰਵੇ ਲਈ ਅਧਿਕਾਰੀਆਂ ਨਾਲ ਜਾਣ ਦਾ ਹੁਕਮ ਦਿੱਤਾ ਹੈ ਕਿਉਂਕਿ ਉਨ੍ਹਾਂ ਉੱਤੇ ਕਈ ਵਾਰੀ ਹਮਲੇ ਹੋਏ ਹਨ। ਇਸ ਦੇ ਨਾਲ ਜ਼ਿਲ੍ਹਾ ਪ੍ਰਸ਼ਾਸਨ ਨੂੰ ਹੁਕਮ ਦਿੱਤਾ ਹੈ ਕਿ ਜਦੋਂ ਧਰਮ ਪਰਿਵਰਤਨ ਦੀ ਕੋਈ ਸ਼ਿਕਾਇਤ ਆਵੇ ਤਾਂ ਮਾਮਲਾ ਜ਼ਰੂਰ ਦਰਜ ਕੀਤਾ ਜਾਵੇ। ਸ਼ੇਖਰ ਨੇ ਕਿਹਾ ਕਿ ਹਾਲੇ ਤਕ ਧਰਮ ਪਰਿਵਰਤਨ ਵਿਰੁੱਧ ਸ਼ਿਕਾਇਤ ਕਰਨ ਵਾਲਿਆਂ ਉੱਤੇ ਕੇਸ ਦਰਜ ਕੀਤਾ ਜਾਂਦਾ ਸੀ, ਅਸੀਂ ਪੁਲਸ ਨੂੰ ਸ਼ਿਕਾਇਤ ਮਿਲਣ ਉੱਤੇਕੇਸ ਦਰਜ ਕਰਨ ਤੇ ਨਿਰਪੱਖ ਜਾਂਚ ਕਰਨ ਲਈ ਕਿਹਾ ਹੈ। ਬੈਠਕ ਦਾ ਤੀਜਾ ਨੁਕਤਾ ਅਨੁਸੂਚਿਤ ਜਾਤੀ ਵਿਚਲੇ ਉਨ੍ਹਾਂ ਲੋਕਾਂ ਨੂੰ ਦੋਹਰੇ ਲਾਭ ਤੋਂ ਵਾਂਝੇ ਕਰਨਾ ਸੀ ਜਿਹੜੇ ਇਸਾਈ ਧਰਮ ਅਪਣਾ ਚੁੱਕੇ ਹਨ। ਸ਼ੇਖਰ ਨੇ ਕਿਹਾ ਕਿ ਧਰਮ ਪਰਿਵਰਤਨ ਕਰ ਚੁੱਕੇ ਅਨੁਸੂਚਿਤ ਜਾਤੀ ਤੇ ਘੱਟਗਿਣਤੀ ਦਾ ਦੋਹਰਾ ਲਾਭ ਨਹੀਂ ਲੈ ਸਕਦੇ। ਅਜਿਹੇ ਲੋਕ ਸਿਰਫ ਇੱਕੋ ਸ਼੍ਰੇਣੀ ਦਾ ਲਾਭ ਲੈ ਸਕਣਗੇ।ਉਨ੍ਹਾਂ ਬੋਵੀ ਫਿਰਕੇ ਦੀ ਇੱਕ ਔਰਤ ਬਾਰੇ ਦੱਸਿਆ, ਜਿਹੜੀ ਈਸਾਈ ਬਣਨ ਪਿੱਛੋਂ ਅਨੁਸੂਚਿਤ ਜਾਤੀ ਵੱਲੋਂ ਪੰਚਾਇਤ ਚੋਣ ਲੜੀ, ਜਿੱਤ ਗਈਅਤੇ ਸਰਪੰਚ ਬਣੀ। ਉਹ ਮਹਿਲਾ ਅਨੁਸੂਚਿਤ ਜਾਤੀ ਦੇ ਨਾਲ ਘੱਟਗਿਣਤੀਆਂ ਨੂੰ ਮਿਲਦੀ ਸਹੂਲਤ ਦਾ ਲਾਭ ਉਠਾ ਰਹੀ ਹੈ।

ਚੀਨ ਨੇ ਪਾਕਿ ਨੂੰ ਅੱਖਾਂ ਦਿਖਾਈਆਂ:

## ਇੰਜੀਨੀਅਰਾਂ ਦੀ ਮੌਤ ਉਤੇ 285 ਕਰੋੜ ਮੁਆਵਜ਼ਾ ਮੰਗਿਆ



ਇਸਲਾਮਾਬਾਦ, 17 ਅਕਤੂਬਰ (ਪੋਸਟ ਬਿਊਰੋ)- ਚੀਨ ਨੇ ਆਪਣੇ ਸਦਾ-ਬਹਾਰ ਮਿੱਤਰ ਪਾਕਿਸਤਾਨ ਨੂੰ ਅੱਖਾਂ ਦਿਖਾ ਕੇ ਸ਼ਰਤ ਰੱਖੀ ਹੈ ਕਿ ਜਦੋਂ ਤਕ ਇੰਜੀਨੀਅਰਾਂ ਦੀ ਮੌਤ ਉੱਤੇ 285 ਕਰੋੜ ਰੁਪਏ ਦੇ ਮੁਆਵਜ਼ੇ ਦਾ ਭੁਗਤਾਨ ਨਹੀਂ ਹੋ ਜਾਂਦਾ, ਓਦੋਂ ਤਕ ਬਿਜਲੀ ਪ੍ਰੋਜੈਕਟ ਦਾਸੂ ਡੈਮ ਦਾ ਕੰਮ ਦੁਬਾਰਾ ਸ਼ੁਰੂ ਨਹੀਂ ਹੋਵੇਗਾ।

ਜਲ ਸਰੋਤ ਮੰਤਰਾਲੇ ਦੇ ਸੈਕਟਰੀ ਡਾਕਟਰ ਸ਼ਾਹਜੇਬ ਖਾਨ ਬੰਗਸ ਦੇਦੱਸਣ ਮੁਤਾਬਕ ਚੀਨੀ ਇੰਜੀਨੀਅਰਾਂ ਉੱਤੇਜੁਲਾਈ ਵਿੱਚ ਹਮਲੇ ਤੋਂ ਬਾਅਦ ਪ੍ਰੋਜੈਕਟ ਵਿੱਚ ਸਿਵਲ ਉਸਾਰੀ ਦਾ ਕੰਮ ਠੱਪ ਹੈ। ਵਿਦੇਸ਼ ਮੰਤਰਾਲਾ, ਵਿੱਤ ਮੰਤਰਾਲਾ, ਅੰਦਰੂਨੀ ਮੰਤਰਾਲਾ, ਜਲ ਸਰੋਤ ਮੰਤਰਾਲਾ ਅਤੇ ਚੀਨੀ ਦੂਤਘਰ ਮੁਆਵਜ਼ੇ ਦੇ ਪੈਕੇਜ ਦੇ ਨਾਲ ਪ੍ਰੋਜੈਕਟ ਉੱਤੇ ਫਿਰ ਤੋਂ ਕਾਰਜ ਸ਼ੁਰੂ ਕਰਨ ਸਬੰਧੀ ਕੰਮ ਕਰ ਰਹੇ ਹਨ।ਸੂਤਰਾਂ ਮੁਤਾਬਕ ਸਬੰਧਤ ਮੰਤਰਾਲਿਆਂ ਦੇ ਸੈਕਟਰੀਆਂ ਦੀ ਕਮੇਟੀ ਚੀਨੀ ਸਰਕਾਰ ਵੱਲੋਂ ਮੰਗੇ ਗਏ ਮੁਆਵਜ਼ੇ ਦੀ ਮਾਤਰਾ ਬਾਰੇ ਚਰਚਾ ਕਰ ਰਹੀ ਹੈ। ਸੂਤਰਾਂ ਮੁਤਾਬਕ ਇਸ ਮਾਮਲੇ ਬਾਰੇ ਕਮੇਟੀ ਨੇ ਇੱਕ ਉਪ ਕਮੇਟੀ ਬਣਾਈ ਹੈ, ਜਿਸ ਵਿੱਚ ਸਾਰੇ ਸਬੰਧਤ ਮੰਤਰਾਲੇ ਸ਼ਾਮਲ ਹਨ।

ਵਰਨਣ ਯੋਗ ਹੈ ਕਿ 14 ਜੁਲਾਈ ਨੂੰ ਵਿਸਫੋਟਕ ਪਦਾਰਥਾਂ ਨਾਲ ਲੱਦੀ ਇੱਕ ਕਾਰ ਨਾਲ ਟੱਕਰ ਪਿੱਛੋਂ ਕੰਮ ਉੱਤੇ ਜਾਦੀ ਬੱਸ ਦਰਿਆ ਵਿੱਚ ਡਿੱਗ ਗਈ ਤੇ ਇਸ ਵਿੱਚ ਨੌਂ ਚੀਨੀ ਇੰਜੀਨੀਅਰ, ਦੋ ਸਥਾਨਕ ਤੇ ਫਰੰਟੀਅਰ ਫੋਰਸ (ਐਫ ਸੀ) ਦੇ ਦੋ ਮੁਲਾਜ਼ਮਾਂ ਸਮੇਤ 13 ਲੋਕ ਮਾਰੇ ਗਏ ਸਨ ਅਤੇ ਦੋ ਦਰਜਨ ਤੋਂ ਵੱਧ ਜ਼ਖਮੀ ਹੋਏ ਸਨ।ਸੂਤਰਾਂ ਮੁਤਾਬਕ ਜਲ ਸਰੋਤਮੰਤਰਾਲੇ ਦੇ ਸੈਕਟਰੀ ਨੂੰ ਆਸ ਹੈ ਕਿ ਮੁਆਵਜ਼ੇ ਦੇ ਮੁੱਦੇ ਨੂੰ ਇੱਕ-ਦੋ ਹਫਤੇ ਦੇ ਅੰਦਰ ਹੱਲ ਕਰ ਲਿਆ ਜਾਵੇਗਾ। ਇਸ ਦੇ ਬਾਅਦ ਸਾਈਟ ਉੱਤੇ ਸਿਵਲ ਵਰਕ ਫਿਰ ਤੋਂ ਸ਼ੁਰੂ ਹੋ ਜਾਏਗਾ।


Century 21

President Realty Inc

Brokerage*

Independently Owned and Operated.



ਓਂਟਾਰੀਓ ਦੇ ਕਿਸੇ ਵੀ ਸ਼ਹਿਰ ਵਿਚ ਪ੍ਰਾਪਰਟੀ ਖਰੀਦਣ ਲਈ ਕਾਲ ਕਰੋ

Jagdish Grewal

Sales Repersentative

Call Now: (416)-970-5005




Sandalwood & Kennedy

ਬਹੁਤ ਹੀ ਖੂਬਸੂਰਤ detached ਘਰ 3 ਬੈੱਡਰੂਮ, 1 ਬੈੱਡਰੂਮ ਦੀ ਫਿਨਿਸ਼ਡ ਬੇਸਮੈਂਟ , ਸਕੂਲ, ਪਬਲਿਕ ਬੱਸ ਸਰਵਿਸ ਅਤੇ ਪਲਾਜ਼ਾ ਦੇ ਨੇੜੇ!




Bramalea & Peter Robertson

3 ਬੈੱਡਰੂਮ semi-detached ਘਰ ਦੇ ਵਿਚਕਾਰ ਬਿਲਟ ਇਨ ਕਿਚਨ ,ਗਰੇਨਾਇਟ ਕਾਉਂਟਰ, ਵੁਲਫ ਗੈਸ ਸਟੋਵ, ਬਹੁਤ ਹੀ ਸੁੰਦਰ ਗਾਰਡਨ ਅਤੇ ਬੈਕਯਾਰਡ ਏਰੀਆ ਪ੍ਰਾਈਮ ਲੋਕੇਸ਼ਨ, ਪਬਲਿਕ ਬੱਸ ਸਰਵਿਸ, ਹਸਪਤਾਲ, ਸਕੂਲ ਅਤੇ ਪਲਾਜ਼ਾ ਦੇ ਨੇੜੇ.




Bovaird & Royal Orchard

3 ਬੈੱਡਰੂਮ ਟਾਊਨ ਹਾਊਸ ਵੱਖਰੇ ਲਿਵਿੰਗ ਤੇ ਫੈਮਿਲੀ ਰੂਮ, ਫਿਨਿਸ਼ਡ ਬੇਸਮੈਂਟ,ਵੱਡਾ ਡ੍ਰਾਈਵੇ,ਲੈਮੀਨੇਟ ਫਲੋਰ,ਪਹਿਲੀ ਵਾਰ ਘਰ ਖਰੀਦਣ ਵਾਲਿਆ ਲਈ ਵਧੀਆ ਮੌਕਾ




Bovaird & Bramlea Rd

3 +1 ਬੈੱਡਰੂਮ ਘਰ ਵੱਖਰੀ ਐਂਟਰੈਸ ਵਾਲੀ ਬਣੀ ਹੋਈ ਬੇਸਮੈਂਟ,ਵਾਕਆਊਟ ਵੱਡਾ ਯਾਰਡ ,ਨਵੀ ਕਿਚਨ,ਪੋਟ ਲਾਈਟਾਂ,ਫਾਈਰ ਪਲੇਸ




Bovaird & Worthington

4 ਬੈੱਡਰੂਮ, ਡੀਟੈਚਡ ਘਰ ਵੱਖਰੇ ਲਿਵਿੰਗ ਤੇ ਫੈਮਿਲੀ ਰੂਮ, ਫਿਨਿਸ਼ਡ ਬੇਸਮੈਂਟ,ਵੱਡਾ ਡ੍ਰਾਈਵੇ,ਲੈਮੀਨੇਟ ਫਲੋਰ,ਲੈਂਡਸਕੇਪ ਤੇ ਹਜ਼ਾਰਾਂ ਡਾਲਰ ਖਰਚ ਕੀਤੇ ਹੋਏ ,ਗਰੇਨਾਇਟ ਕਾਊਂਟਰ,ਪੋਟ ਲਾਈਟਾਂ,ਅੱਪਗਰੇਡ ਹਾਰਡਵੁਡ




Pertosa & WillamsParkway

4 +2 ਬੈੱਡਰੂਮ ਡੀਟੈਚਡ ਘਰ ,ਵੱਖਰੇ ਲਿਵਿੰਗ ਤੇ ਫੈਮਿਲੀ ਰੂਮ, ਫਿਨਿਸ਼ਡ ਬੇਸਮੈਂਟ,ਵੱਡਾ ਡ੍ਰਾਈਵੇ,ਪ੍ਰਾਈਮ ਲੋਕੇਸ਼ਨ ਅਤੇ ਪਲਾਜ਼ਾ ਦੇ ਨੇੜੇ




Gore & Cotrelle

3 ਬੈੱਡਰੂਮ, ਡੀਟੈਚਡ ਘਰ , 2000 sq.ft ,1 ਬੈੱਡਰੂਮ ਦੀ ਫਿਨਿਸ਼ਡ ਬੇਸਮੈਂਟ ,ਵੱਡਾ ਡੇਕ,ਕਾਫੀ ਅਪਗ੍ਰੇਡ ਕੀਤਾ ਮੋਡਰਨ ਕਿਚਨ ,ਪਾਰਕਿੰਗ ਲਈ ਖੁੱਲਾ ਗੈਰਾਜ




Bovaird & Hwy 410

4 ਬੈੱਡਰੂਮ ਡੀਟੈਚਡ ਘਰ, ਪਬਲਿਕ ਬੱਸ ਸਰਵਿਸ,ਸਕੂਲ,ਪਲਾਜ਼ਾ, 410/407 ਹਾਈਵੇ ਨੇੜੇ, ਅਪਗ੍ਰੇਡ ਕੀਤਾ ਮੌਡਰਨ ਕਿਚਨ

(416) 970-5005 www.vipcondonetwork.com

80 Maritime Ontario Blvd #246 Brampton, ON L6S 0E7 Call: 905-488-2100 Fax : 905-488-2101



Visions of Punjab



Natasha Mahal
Co-Host

VISION ZOOMERTV

Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com



Iqbal Mahal
Producer & Host

Serving the South Asian Community Since 1976



jobs! jobs! jobs! jobs! jobs!

DUNDAS·JAFINE

HELP WANTED

ਕਾਮਿਆਂ ਦੀ ਲੋੜ

ਜਨਰਲ ਲੇਬਰ ਦਾ ਕੰਮ ਉਪਲੱਬਧ ਹੈ

ਬਰੈਂਪਟਨ ਦੇ ਇਲਾਕੇ ਡੰਡਾਸ ਜੈਫਿਨ, Air Distribution Products ਦੀ Leading Manufacture company HVAC Industry ਲਈ ਫੁੱਲ ਟਾਈਮ ਪੋਜੀਸ਼ਨ ਉਪਲੱਬਧ ਹੈ।

Afternoon and Midnight Shifts Available.

ਕਾਮਿਆਂ ਨੂੰ ਹੇਠ ਲਿਖੇ ਕਾਰਨ ਵਿੱਚ ਸਮਰੱਥ ਹੋਣਾ ਜਰੂਰੀ ਹੈ:
* ਸੁਤੰਤਰ ਤੋਰ ਤੇ ਕੰਮ ਕਰੋ * 20Lbs ਤੱਕ ਭਾਰ ਚੁੱਕ ਸਕਣ
* ਆਪਣੇ Safety Shoes ਹੋਣੇ ਚਾਹੀ ਦੇ ਹਨ

ਅਪਲਾਈ ਕਰਨ ਲਈ ਆਪ ਪਹੁੰਚੋ:
80 West Drive, Brampton

Apply In Person to complete application in the Shipping Department




FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017



Chapel Ridge
FUNERAL HOME
& CREMATION CENTRE

ਭਾਰਤੀ, ਪੰਜਾਬੀ ਅਤੇ ਸਿੱਖ ਭਾਈਚਾਰੇ ਲਈ ਮਾਰਖਮ, ਰਿਚਮੰਡ ਹਿੱਲ ਅਤੇ ਸਕਾਰਬਰੋਅ ਅਤੇ ਆਸ ਪਾਸ ਇਲਾਕਿਆਂ ਲਈ ਵਧੀਆ ਅਧੁਨਿਕ ਸੇਵਾਵਾਂ ਅਤ ਵਾਜਬ ਕੀਮਤ ਤੇ ਫਿਊਨਰਲ ਸਰਵਿਸ ਦੀਆਂ ਸੇਵਾਵਾਂ ਲੈਣ ਲਈ ਸੰਪਰਕ ਕਰੋ

- ਅਸੀਂ ਪਿਛਲੇ 20 ਸਾਲ ਤੋਂ ਸਿੱਖ ਭਾਈਚਾਰੇ ਲਈ ਅੰਤਿਮ ਸੰਸਕਾਰ ਦੀ ਸਹੂਲਤ
- ਅੰਤਿਮ ਸੰਸਕਾਰ ਸੇਵਾਵਾਂ ਸਿੱਖ ਮਰਿਯਾਦਾ ਅਨੁਸਾਰ ਕੀਤੀਆਂ ਜਾਂਦੀਆਂ ਹਨ
- ਭਾਈਚਾਰੇ ਦੀ ਸਹੂਲਤ ਲਈ ਮਿਸੀਸਾਗਾ ਵਿੱਚ ਸ਼ਮਸ਼ਾਨ ਘਾਟ ਦੇ ਨਾਲ ਧਾਰਮਿਕ ਸੰਸਕਾਰਾਂ ਲਈ ਵਿਸ਼ਾਲ ਹਾਲ



2 ਘੰਟੇ ਦੇ ਲਈ ਵਿਸ਼ੇਸ਼ ਪੈਕੇਜ ਸਿਰਫ $4270 ਵਿੱਚ

[ ਜਿਸ ਵਿੱਚ ਕੈਸਕੇਟ (ਕਫ਼ਣ ਦਾ ਸਮਾਨ ਤੇ ਬੌਕਸ) ਸਾਰੇ ਲੋੜੀਂਦੇ ਦਾਸਤਵੇਜ਼ (ਡੈਥ ਸਰਟੀਫਿਕੇਟ) ਸਟਾਫ ਸਹੂਲਤ / ਵਾਹਨ ਫੀਸ / ਸਸਕਾਰ ਦੀ ਫੀਸ / ਗਵਾਹੀ ਫੀਸ, ਸਰਕਾਰੀ ਫੀਸ ਅਤੇ ਹੋਰ ਨਯਿਮਤਿ ਫੀਸਾਂ ਸ਼ਾਮਲ ਹਨ ]



ਸਰਕਾਰੀ ਲਾਇਸੈਂਸਸ਼ੁਦਾ ਫਿਊਨਰਲ ਹੋਮ
ਡਰਾਇਕਟਰ (ਨਿਰਦੇਸ਼ਕ) :ਸ: ਹਰਜਿੰਦਰ ਸਿੰਘ ਬਿਲਖੂ
647-966-0093
ਅਸੀਂ ਪੰਜਾਬੀ, ਹਿੰਦੀ, ਗੁਜਰਾਤੀ, ਉਰਦੂ ਅਤੇ ਸਵਾਹਿਲੀ ਭਾਸ਼ਵਾਂ ਬੋਲਦੇ ਹਾਂ
8911 Woodbine Ave., Markham (ਸਿਰਫ ਹਾਈਵੇ 7 ਤੋਂ 4 ਬਲਾਕ ਦੀ ਦੂਰੀ ਤ)
info@chapelridge fh.com • www.chapelridgefh.com





Other Realtors only Promise
But JAG AUJLA SOLD YOUR HOME WITH
GUARANTEE

Advertisement GUARANTEED Till SOLD

Top 1% Broker
Call For a Quick & Free Home Evaluation
www.BramptonQuickHomeEvaluation.com

JAG AUJLA
REAL ESTATE BROKER
DIR: 416-371-7777
j.aujla@rogers.com www.jagaujla.com
RE/MAX Realty Specialist Inc., Brokerage (Independently Owned and Operated) Off: 905-456-3232
www.BramptonTopRelator.com

ਘਰਾਂ ਦੀਆਂ ਨਵੀਆਂ ਲਿਸਟਿੰਗਾਂ (Listings) ਦੀ ਬਹੁਤ ਲੋੜ ਹੈ

CALEDON




ਕੈਨੇਡੀ / ਦੂੱਗਲ

ਬਰੈਂਡ ਨੀਊ ਘਰ ਸੈਲ ਲਈ ਉਪਲਬੱਧ ਹੈ। ਲਗਭਗ 2800 ਸੁਕੇਅਰ ਫੁੱਟ ਏਰੀਆ ਅਤੇ 42 ਫੀਟ ਵਾਈਡ ਕਾਰਨਰ ਲਾਟ ਹੈ ਜਿਸ ਵਿੱਚ 4 ਬੈਡਰੂਮ ਅਤੇ 4 ਵਾਸ਼ਰੂਮ ਹਨ। ਮੇਨ ਫਲੋਰ 10 ਫੁੱਟ ਸਿਲਿੰਗ। ਡਾਇਨਿੰਗ ਰੂਮ ਉਪਰ ਨੂੰ ਖੁੱਲਾ ਹੈ ਅਤੇ 19 ਫੁੱਟ ਹਾਈ ਸਿਲਿੰਗ ਹੈ। ਹਾਰਡਵੁਡ ਫਲੋਰ, ਓਕ ਸਟਰੇਅਰਜ਼। ਅਪਗ੍ਰੇਡੇਡ ਕਿਚਨ ਅਤੇ ਕੁਆਰਟਜ਼ ਕਾਊਨਟਰ ਟਾਪ। ਮੈਨ ਫਲੋਰ ਲਾਂਡਰੀ ਹੈ।
ਵੱਧੇਰੀ ਜਾਣਕਾਰੀ ਲਈ ਜੇਗ ਔਜਲਾ ਨਾਲ 416-371-7777 ਤੇਂ ਸੰਪਰਕ ਕਰ ਸਕਦੇ ਹੋ।

BRAMPTON



$1,999,905 ਕੈਸਲਮੋਰ/ਗੋਰਵੇ

ਕੈਸਲਮੋਰ/ਗੋਰਵੇ ਦੇ ਏਰੀਆ ਵਿਚ 4551 ਸਕੇਅਰ ਫੁੱਟ, 60 ਫੁਟ ਦੀ ਲਾਟ ਵਿਚ ਬਣਿਆ ਬਹੁਤ ਹੀ ਸੁੰਦਰ ਘਰ। ਜਿਸ ਵਿਚ 5 ਬੈਡਰੂਮ, 5 ਵਾਸ਼ਰੂਮ, ਇਕ ਆਫਿਸ,ਅਪਗ੍ਰੇਡਡ ਕਿਚਨ ਵਿਦ ਕਾਊਂਟਰ ਟਾਪ, 3 ਬੈਡਰੂਮ ਦੀ ਫਿਨਿਸ਼ਡ ਬੇਸਮੈਂਟ ਵਿਦ ਸੈਪਰੇਟ ਐਂਟਰੈਂਸ ਹੈ। 9 ਫੁੱਟ ਦੀ ਸੀਲਿੰਗ, ਮੇਨ ਫਲੋਰ ਉਤੇ ਹਾਰਡਵੁੱਡ, ਸਟੇਨਡ ਓਕ ਸਟੇਅਰਕੇਸ, ਡਬਲ ਡੋਰ ਐਂਟਰੀ। ਦੂਸਰੀ ਮੰਜ਼ਲ ਉਤੇ ਲਾਊਂਡਰੀ। ਘਰ ਦੇ ਅੱਗੇ ਕੋਈ ਸਾਈਡ ਵਾਕ ਨਹੀਂ ਅਤੇ ਹੋਰ ਵੀ ਬਹੁਤ ਸਾਰੀਆਂ ਸਹੂਲਤਾਂ ਦੇ ਨਾਲ।

BRAMPTON




$ 1,199,905 Bramlea Rd./Bovaird Dr.

2600 ਸਕੇਅਰ ਫੁੱਟ ਦਾ 45 ਫੁੱਟ ਦੀ ਲਾਟ ਦਾ ਡੀਟੈਚਡ ਘਰ, ਡਬਲ ਡੋਰ ਐਂਟਰੀ, 4 ਬੈਂਡਰੂਮ, 3 ਬੈਂਡਰੂਮ ਦੀ ਫਿਨਿਸ਼ਡ ਬੇਸਮੈਂਟ ਸੈਪਰੇਟ ਐਂਟਰੈਂਸ ਨਾਲ, 2 ਲਾਂਡਰੀ, ਅਪਗ੍ਰੇਡਡ ਕਿਚਨ, ਅਪਗ੍ਰੇਡਡ ਰੂਫ ਅਤੇ ਵੁੱਡ ਫਲੋਰ ਤੇ ਹੋਰ ਸਾਰੀਆਂ ਸਹੂਲਤਾਂ ਦੇ ਨਜ਼ਦੀਕ।
ਜਿਆਦਾ ਜਾਣਕਾਰੀ ਲਈ ਸੰਪਰਕ ਕਰੋ: 416-371-7777

BRAMPTON




$749,905
William /Vodden /Main
3 ਬੈਡਰੂਮ, 2 ਵਾਸ਼ਰੂਮ ਦਾ ਬਹੁਤ ਸੋਹਣਾ ਘਰ, ਜਿਸ ਵਿਚ 2 ਬੈਡਰੂਮਜ਼ ਦੀ ਫਿਨਿਸ਼ਡ ਬੇਸਮੈਂਟ ਸੈਪਰੇਟ ਐਂਟਰੈਂਸ ਨਾਲ, ਪਿਛਲੇ ਸਾਲ ਹੀ ਸਾਰਾ ਘਰ ਅਪਗ੍ਰੇਡ ਕੀਤਾ ਗਿਆ ਹੈ। ਸਕੂਲ, ਪਲਾਜ਼ਾ ਅਤੇ ਬੱਸ ਸਟਾਪ ਤੋਂ ਕੁੱਝ ਹੀ ਮਿੰਟਾਂ ਦੀ ਦੂਰੀ ਹੈ ਅਤੇ ਹੋਰ ਬਹੁਤ ਸਾਰੀਆਂ ਸਹੂਲਤਾਂ ਦੇ ਨੇੜੇ।

BRAMPTON




34 Winterfold Dr
CREDITVIEW & BOVAIRD
(MOUNT PLEASANT)
ਖੁੱਲ੍ਹਾ ਅਤੇ ਸ਼ਾਨਦਾਰ 2 ਮੇਨ ਐਂਟਰੈਂਸ ਵਾਲਾ ਘਰ, ਡਬਲ ਕਾਰ ਗਰਾਜ, ਓਪਨ ਕੰਸੈਪਟ ਕਿਚਨ ਬੈਕਸਪਲੈਸ਼ ਦੇ ਨਾਲ, ਖੁੱਲ੍ਹਾ ਮਾਸਟਰ ਬੈਂਡਰੂਮ ਇਨਸੂਟ ਵਾਸ਼ਰੂਮ ਅਤੇ ਵਾਕਇਨ ਕਲਾਜ਼ਿਟ ਦੇ ਨਾਲ। 2 ਬੈਂਡਰੂਮ ਦੀ ਫਿਨਿਸ਼ਡ ਬੇਸਮੈਂਟ, ਖੁੱਲ੍ਹਾ ਡੁੱਲ੍ਹਾ ਬੈਕਯਾਰਡ। ਘਰ 2 ਵੱਖ-ਵੱਖ ਪਰਿਵਾਰਾਂ ਨੂੰ ਕਿਰਾਏ ਉਤੇ ਦਿੱਤਾ ਜਾ ਸਕਦਾ ਹੈ।




Orangeville Ontario L9W3X5
Orangeville Dufferin ਦੇ ਏਰੀਆ ਵਿਚ 5780 ਸਕੇਅਰ ਫੁਟ ਦਾ ਆਟੋ ਬਾਡੀ ਸ਼ਾਪ 1 ਏਕੜ ਦੀ ਜਗ੍ਹਾ, 3 ਗਰਾਜ ਡੋਰ 15 ਫੁੱਟ ਉਚਾਈ, 4 ਵਾਸ਼ਰੂਮ, 100 + ਕਾਰ ਪਾਰਕਿੰਗ, ਅਗਲੇ ਹਿੱਸੇ ਵਿਚ ਆਟੋ ਬਾਡੀ, ਕਾਰ ਰਿਪੇਅਰ ਅਤੇ ਬੈਕ ਸਾਈਡ ਉਤੇ ਕੋਈ ਹੋਰ ਬਿਜਨਸ ਚੱਲ ਰਿਹਾ ਹੈ। ਜਿਆਦਾ ਜਾਣਕਾਰੀ ਲਈ ਸੰਪਰਕ ਕਰੋ 416-371-7777